ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 6 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਕਾਂਗਰਸ ਪ੍ਰਧਾਨ ਅਤੇ ਸਾਂਸਦ ਰਾਜਾ ਵੜਿੰਗ ਦੀਆਂ ਵਧੀਆਂ ਮੁਸ਼ਿਕਲਾਂ !ਬੂਟਾ ਸਿੰਘ ਖਿਲਾਫ ਦਿੱਤੇ ਬਿਆਨ ਨੂੰ ਲੈ ਕੇ ਵੜਿੰਗ ਖਿਲਾਫ ਐਫਆਈਆਰ ਦਰਜ


**ਚੰਡੀਗੜ੍ਹ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ ਦੀਆਂ ਮੁਸ਼ਿਕਲਾਂ ਲਗਾਤਾਰ ਵਧਦੀਆਂ ਜਾ ਰਹੀਆਂ ਹਨ। ਦੱਸ ਦਈਏ ਕਿ ਰਾਸ਼ਟਰੀ ਐਸਸੀ ਕਮਿਸ਼ਨ ਨੇ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਨੂੰ ਸੱਤ ਦਿਨਾਂ ਦੇ ਅੰਦਰ ਕਾਰਵਾਈ ਲਈ ਤਲਬ ਕੀਤਾ ਹੈ। ਇਹ ਕਾਰਵਾਈ ਭਾਜਪਾ ਵਿਰੁੱਧ ਕੀਤੀ ਗਈ ਸੀ। ਮਿਲੀ ਜਾਣਕਾਰੀ ਮੁਤਾਬਿਕ ਕਿ ਸਾਬਕਾ ਗ੍ਰਹਿ ਮੰਤਰੀ ਬੂਟਾ ਸਿੰਘ ਵਿਰੁੱਧ ਕੀਤੀਆਂ ਗਈਆਂ ਜਾਤੀਵਾਦੀ ਟਿੱਪਣੀਆਂ ਸਬੰਧੀ ਸ਼ਿਕਾਇਤ ਦਰਜ ਕੀਤੀ ਗਈ।ਇਹ ਐਫਆਈਆਰ ਸਾਬਕਾ ਗ੍ਰਹਿ ਮੰਤਰੀ ਬੂਟਾ ਸਿੰਘ ਦੇ ਪੁੱਤਰ ਸਰਬਜੋਤ ਸਿੰਘ ਸਿੱਧੂ ਦੀ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤੀ ਗਈ। ਜਾਤੀਵਾਦੀ ਟਿੱਪਣੀਆਂ ਦੇ ਸਬੰਧ ਵਿੱਚ ਰਾਜਾ ਵੜਿੰਗ ਵਿਰੁੱਧ ਸੀਆਰਪੀਸੀ, 2023 ਦੀ ਧਾਰਾ 353, 196 ਅਤੇ ਐਸਸੀ/ਐਸਟੀ (ਅੱਤਿਆਚਾਰ ਰੋਕਥਾਮ) ਐਕਟ, 1989 ਦੀ ਧਾਰਾ 3(1)(ਯੂ) ਅਤੇ 3(1)(ਵੀ) ਤਹਿਤ ਐਫਆਈਆਰ ਦਰਜ ਕੀਤੀ ਗਈ। ਦੱਸ ਦਈਏ ਕਿ ਧਾਰਮਿਕ ਸਿੱਖ ਸੰਗਠਨ ਲਗਾਤਾਰ ਕਾਰਵਾਈ ਦੀ ਮੰਗ ਕਰ ਰਹੇ ਹਨ। ਪੰਜਾਬ ਪੁਲਿਸ ਨੇ ਐਫਆਈਆਰ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਐਸਸੀ ਕਮਿਸ਼ਨ ਨੇ ਰਾਜਾ ਵੜਿੰਗ ਨੂੰ ਨੋਟਿਸ ਵੀ ਜਾਰੀ ਕੀਤਾ ਹੈ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

**ਅੰਮ੍ਰਿਤਸਰ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਜੀ ਵਿਖੇ ਅਲੌਕਿਕ ਜਲੌ ਸਜਾਏ ਗਏ

**ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਸਜਾਏ ਜਲੌਅ**



ਜਿਸ ਦੇ ਸੰਗਤਾਂ ਨੇ ਦਰਸ਼ਨ ਕੀਤੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨਾਂ 'ਤੇ ਦੀਪਮਾਲਾ ਵੀ ਕੀਤੀ ਗਈ।ਇਸੇ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਦੇ ਜਥੇ ਵੱਲੋਂ ਇਲਾਹੀ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਚਾਰਾਂ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੇ ਉਪਦੇਸ਼ ਸਮੁੱਚੀ ਮਾਨਵਤਾ ਲਈ ਜੀਵਨ ਰੁਸ਼ਨਾਉਣ ਵਾਲੇ ਹਨ। ਗੁਰੂ ਸਾਹਿਬ ਨੇ ਊਚ-ਨੀਚ, ਜਾਤ-ਪਾਤ ਤੇ ਵਰਨ-ਵੰਡ ਦੀਆਂ ਵਲਗਣਾਂ ਨੂੰ ਤੋੜ ਕੇ ਇਕ ਅਕਾਲ ਪੁਰਖ ਦੇ ਲੜ ਲਾਇਆ। ਉਨ੍ਹਾਂ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਨਾ ਵੀ ਕੀਤੀ।

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਦੌਰਾਨ ਪ੍ਰਚਾਰਕ ਢਾਡੀ, ਕਵੀਸ਼ਰ ਜਥਿਆਂ ਨੇ ਗੁਰ ਇਤਿਹਾਸ ਸਰਵਣ ਕਰਵਾਇਆ ਗਿਆ ਅਤੇ ਕਵੀ ਦਰਬਾਰ ਚ ਕਵੀਆਂ ਨੇ ਕਵਿਤਾਵਾਂ ਰਾਹੀਂ ਗੁਰੂ ਜਸ ਸਰਵਣ ਕਰਵਾਇਆ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜੈਬ ਸਿੰਘ ਅਭਿਆਸੀ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਰਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ., ਜਸਬੀਰ ਸਿੰਘ, ਸ. ਰਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਭਾਰਤੀ ਮੂਲ ਦੇ ਜ਼ੋਹਰਾਨ ਮਮਦਾਨੀ ਨੇ ਰਚਿਆ ਇਤਿਹਾਸ, ਨਿਊਯਾਰਕ ਦੇ ਨਵੇਂ ਮੇਅਰ ਵੱਜੋਂ ਹੋਈ ਚੋਣ

**ਨਿਊਯਾਰਕ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਮੂਲ ਦੇ ਜ਼ੋਹਰਾਨ ਮਮਦਾਨੀ ਨੇ



ਨਿਊਯਾਰਕ ਮੇਅਰ ਦੀ ਚੋਣ ਜਿੱਤ ਲਈ ਹੈ। ਇਸ ਜਿੱਤ ਦੇ ਨਾਲ, ਡੈਮੋਕ੍ਰੇਟ ਜ਼ੋਹਰਾਨ ਮਮਦਾਨੀ ਨਿਊਯਾਰਕ ਦੇ ਪਹਿਲੇ ਭਾਰਤੀ-ਅਮਰੀਕੀ ਮੁਸਲਿਮ ਮੇਅਰ ਬਣ ਗਏ ਹਨ। 34 ਸਾਲਾ ਮਮਦਾਨੀ ਨੇ ਸਾਬਕਾ ਸ਼ਹਿਰ ਦੇ ਗਵਰਨਰ ਐਂਡਰਿਊ ਕੁਓਮੋ ਨੂੰ ਹਰਾਇਆ, ਜੋ ਇੱਕ ਆਜ਼ਾਦ ਉਮੀਦਵਾਰ ਵਜੋਂ ਚੋਣ ਲੜਿਆ ਸੀ। ਜ਼ੋਹਰਾਨ ਮਮਦਾਨੀ ਸੱਤ ਸਾਲ ਦੀ ਉਮਰ ਵਿੱਚ ਨਿਊਯਾਰਕ ਸ਼ਹਿਰ ਚਲੇ ਗਏ। ਉਸਦੇ ਪਿਤਾ, ਮਹਿਮੂਦ ਮਮਦਾਨੀ, ਇੱਕ ਪ੍ਰਸਿੱਧ ਯੂਗਾਂਡਾ ਲੇਖਕ ਅਤੇ ਭਾਰਤੀ ਮੂਲ ਦੇ ਮਾਰਕਸਵਾਦੀ ਵਿਦਵਾਨ ਹਨ।ਉਸਦੀ ਮਾਂ, ਮੀਰਾ ਨਾਇਰ, ਇੱਕ ਪੁਰਸਕਾਰ ਜੇਤੂ ਭਾਰਤੀ-ਅਮਰੀਕੀ ਫਿਲਮ ਨਿਰਮਾਤਾ ਹੈ ਜਿਸਨੇ "ਮੌਨਸੂਨ ਵੈਡਿੰਗ" ਅਤੇ "ਦ ਨੇਮਸੇਕ" ਵਰਗੀਆਂ ਫਿਲਮਾਂ ਬਣਾਈਆਂ ਹਨ। ਮਮਦਾਨੀ ਨੇ ਸਾਬਕਾ ਗਵਰਨਰ ਐਂਡਰਿਊ ਕੁਓਮੋ ਅਤੇ ਰਿਪਬਲਿਕਨ ਕਰਟਿਸ ਸਲੀਵਾ ਨੂੰ ਹਰਾਇਆ। ਹੁਣ, ਮਮਦਾਨੀ ਨੂੰ ਅਮਰੀਕਾ ਦੇ ਸਭ ਤੋਂ ਵੱਡੇ ਸ਼ਹਿਰ ਦੀਆਂ ਮੰਗਾਂ ਪੂਰੀਆਂ ਕਰਨੀਆਂ ਚਾਹੀਦੀਆਂ ਹਨ ਅਤੇ ਮਹੱਤਵਾਕਾਂਖੀ ਮੁਹਿੰਮ ਦੇ ਵਾਅਦਿਆਂ ਨੂੰ ਪੂਰਾ ਕਰਨਾ ਚਾਹੀਦਾ ਹੈ। ਇਸ ਜਿੱਤ ਨਾਲ ਮਮਦਾਨੀ ਨੇ ਡੈਮੋਕ੍ਰੇਟਿਕ ਸੋਸ਼ਿਲਸਟ ਸ਼ਹਿਰ ਦੇ ਪਹਿਲੇ ਮੁਸਲਿਮ ਮੇਅਰ, ਦੱਖਣੀ ਏਸ਼ੀਆਈ ਮੂਲ ਦੇ ਪਹਿਲੇ ਵਿਅਕਤੀ ਅਤੇ ਪਹਿਲੇ ਅਫਰੀਕੀ-ਜਨਮੇ ਵਜੋਂ ਇਤਿਹਾਸ ਵਿੱਚ ਆਪਣੀ ਜਗ੍ਹਾ ਪੱਕੀ ਕਰ ਲਈ ਹੈ। ਮਮਦਾਨੀ 1 ਜਨਵਰੀ ਨੂੰ ਅਹੁਦਾ ਸੰਭਾਲਣਗੇ ਅਤੇ ਇਸ ਸਦੀ ਦੇ ਸਭ ਤੋਂ ਘੱਟ ਉਮਰ ਦੇ ਮੇਅਰ ਵੀ ਬਣਨਗੇ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮਮਦਾਨੀ ਦੀ ਮੇਅਰ ਅਹੁਦੇ ਦੀ ਜ਼ੋਰਦਾਰ ਵਕਾਲਤ ਕੀਤੀ ਸੀ, ਪਰ ਅਜਿਹਾ ਨਹੀਂ ਹੋਇਆ। ਮਮਦਾਨੀ ਦੀ ਜਿੱਤ ਡੈਮੋਕ੍ਰੇਟਸ ਨੂੰ ਉਤਸ਼ਾਹਿਤ ਕਰੇਗੀ। ਸ਼ਹਿਰ ਦੇ ਚੋਣ ਬੋਰਡ ਦੇ ਅਨੁਸਾਰ, ਇਸ ਚੋਣ ਵਿੱਚ 50 ਸਾਲਾਂ ਤੋਂ ਵੱਧ ਸਮੇਂ ਵਿੱਚ ਮੇਅਰ ਦੀ ਚੋਣ ਲਈ ਸਭ ਤੋਂ ਵੱਧ ਵੋਟਿੰਗ ਹੋਈ, ਜਿਸ ਵਿੱਚ 20 ਲੱਖ ਤੋਂ ਵੱਧ ਨਿਊਯਾਰਕ ਵਾਸੀਆਂ ਨੇ ਵੋਟਿੰਗ ਵਿੱਚ ਹਿੱਸਾ ਲਿਆ। ਰਾਸ਼ਟਰਪਤੀ ਟਰੰਪ ਨੇ ਮਮਦਾਨੀ ਨੂੰ ਮੇਅਰ ਅਹੁਦੇ ਤੱਕ ਪਹੁੰਚਣ ਤੋਂ ਰੋਕਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਸੀ। ਸਿੱਟੇ ਵਜੋਂ, ਹੁਣ ਸਵਾਲ ਉੱਠਦੇ ਹਨ ਕਿ ਉਹ ਟਰੰਪ ਨਾਲ ਕਿਵੇਂ ਨਜਿੱਠਣਗੇ, ਜਿਸਨੇ ਧਮਕੀ ਦਿੱਤੀ ਸੀ ਕਿ ਜੇਕਰ ਉਹ ਜਿੱਤ ਜਾਂਦਾ ਹੈ ਤਾਂ ਸ਼ਹਿਰ ਦਾ ਕੰਟਰੋਲ ਆਪਣੇ ਕਬਜ਼ੇ ਵਿੱਚ ਲੈ ਲਵੇਗਾ ਅਤੇ ਮਮਦਾਨੀ ਨੂੰ ਗ੍ਰਿਫ਼ਤਾਰ ਕਰਕੇ ਦੇਸ਼ ਨਿਕਾਲਾ ਦੇ ਦੇਵੇਗਾ। ਮਮਦਾਨੀ ਦਾ ਜਨਮ ਯੂਗਾਂਡਾ ਵਿੱਚ ਹੋਇਆ ਸੀ, ਜਿੱਥੇ ਉਸਨੇ ਆਪਣਾ ਬਚਪਨ ਬਿਤਾਇਆ ਸੀ, ਪਰ ਉਸਦਾ ਪਾਲਣ-ਪੋਸ਼ਣ ਨਿਊਯਾਰਕ ਸਿਟੀ ਵਿੱਚ ਹੋਇਆ ਅਤੇ 2018 ਵਿੱਚ ਇੱਕ ਅਮਰੀਕੀ ਨਾਗਰਿਕ ਬਣ ਗਿਆ।

## ਸੰਘਰਸ਼ ਨੂੰ ਪਿਆ ਬੂਰ !ਪੰਜਾਬ ਯੂਨੀਵਰਸਿਟੀ ਸੈਨੇਟ ਭੰਗ ਕਰਨ ਦਾ ਨੋਟੀਫਿਕੇਸ਼ਨ ਰੱਦ, ਕੇਂਦਰ ਨੇ ਵਾਪਸ ਲਿਆ ਫ਼ੈਸਲਾ



**ਚੰਡੀਗੜ੍ਹ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੇ ਸੈਨੇਟ ਨੂੰ ਭੰਗ ਕਰਨ ਦਾ ਫ਼ੈਸਲਾ ਵਾਪਸ ਲੈ ਰਿਹਾ ਹੈ। ਸਰਕਾਰ ਨੇ ਇਸ ਨੋਟੀਫਿਕੇਸ਼ਨ ਨੂੰ ਰੱਦ ਕਰ ਦਿੱਤਾ ਹੈ। ਇਸ ਨੂੰ ਲੈ ਕੇ ਲਗਾਤਾਰ ਵਿਰੋਧ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ ਜਿਸ ਤੋਂ ਬਾਅਦ ਕੇਂਦਰ ਵੱਲੋਂ ਇਹ ਫ਼ੈਸਲਾ ਵਾਪਸ ਲਿਆ ਗਿਆ ਹੈ। ਜ਼ਿਕਰ ਕਰ ਦਈਏ ਕਿ ਇਸ ਤੋਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਐਕਸ ਹੈਂਡਲ 'ਤੇ ਪੋਸਟ ਕੀਤਾ ਕਿ ਪੰਜਾਬ ਸਰਕਾਰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਗੈਰ-ਸੰਵਿਧਾਨਕ ਤੌਰ 'ਤੇ ਭੰਗ ਕਰਨ ਅਤੇ ਨੋਟੀਫਿਕੇਸ਼ਨ ਜਾਰੀ ਕਰਨ ਵਿਰੁੱਧ ਹਾਈ ਕੋਰਟ ਜਾਵੇਗੀ। ਇਹ ਐਲਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਦੋਂ ਕੀਤਾ ਹੈ ਜਦੋਂ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਮ ਆਦਮੀ ਪਾਰਟੀ 'ਤੇ ਸਵਾਲ ਉਠਾਏ ਜਾ ਰਹੇ ਹਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਤੇ ਸਿੰਡੀਕੇਟ ਨੂੰ ਗੈਰ ਸੰਵਿਧਾਨਕ ਤੌਰ 'ਤੇ ਭੰਗ ਕਰਕੇ ਨੋਟੀਫ਼ਿਕੇਸ਼ਨ ਜਾਰੀ ਕਰਨ ਵਿਰੁੱਧ ਪੰਜਾਬ ਸਰਕਾਰ ਹਾਈਕੋਰਟ ਜਾਵੇਗੀ..ਦੇਸ਼ ਦੇ ਉੱਘੇ ਅਤੇ ਸਪੈਸ਼ਿਲਸਟ ਵਕੀਲਾਂ ਦਾ ਪੈਨਲ ਬਣਾ ਕੇ ਇਸ ਧੱਕੇਸ਼ਾਹੀ ਵਿਰੁੱਧ ਡਟਕੇ ਲੜਾਈ ਲੜਾਂਗੇ..ਆਉਣ ਵਾਲੇ ਦਿਨਾਂ ਵਿੱਚ ਵਿਧਾਨ ਸਭਾ ਵਿੱਚ ਵੀ ਮੁੱਦਾ ਲਿਆਂਦਾ ਜਾਵੇਗਾ ਤਾਂ ਕਿ ਵਿਧਾਨਕ ਤੌਰ 'ਤੇ ਵੀ ਪੰਜਾਬ ਦਾ ਪੱਖ ਮਜ਼ਬੂਤ ਹੋ ਸਕੇ.. ।

## ਅਸਮਾਨ 'ਚ ਕ੍ਰੈਸ਼ ਹੋਇਆ ਹਵਾਈ ਜ਼ਹਾਜ, ਲੋਕਾਂ 'ਚ ਮੱਚਿਆ ਹਾਹਾਕਾਰ; ਇਲਾਕੇ 'ਚ ਅੱਗ ਫੈਲਣ ਨਾਲ ਕਈ ਘਰ ਬੁਰੀ ਤਰ੍ਹਾਂ ਹੋਏ ਤਬਾਹ

**ਵਾਸ਼ਿੰਗਟਨ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਕੈਂਟੀਕ ਸਥਿਤ ਲੁਈਸਵਿਲੇ ਮੁਹੰਮਦ ਅਲੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਇੱਕ ਯੂਪੀਐਸ ਕਾਰਗੋ ਜਹਾਜ਼ ਹਾਦਸਾਗ੍ਰਸਤ ਹੋ ਗਿਆ, ਜਿਸ ਨਾਲ ਆਲੇ-ਦੁਆਲੇ ਦੇ ਇਲਾਕੇ ਵਿੱਚ ਭਿਆਨਕ ਅੱਗ ਲੱਗ ਗਈ। ਹਾਦਸੇ ਵਿੱਚ ਕਈ ਘਰ ਤਬਾਹ ਹੋ ਗਏ। ਇਸ ਘਟਨਾ ਤੋਂ ਬਾਅਦ, ਅਧਿਕਾਰੀਆਂ ਨੇ ਹਵਾਈ ਅੱਡੇ ਨੂੰ ਬੰਦ ਕਰ ਦਿੱਤਾ ਅਤੇ ਨੇੜਲੇ ਨਿਵਾਸੀਆਂ ਨੂੰ ਸ਼ੈਲਟਰ-ਇਨ-ਪਲੇਸ ਦਾ ਆਦੇਸ਼ ਦਿੱਤਾ। ਹਾਦਸੇ ਵਿੱਚ ਸੱਤ ਲੋਕ ਮਾਰੇ ਗਏ ਅਤੇ 11 ਜ਼ਖਮੀ ਹੋ ਗਏ। ਹਾਲਾਂਕਿ, ਅਧਿਕਾਰੀਆਂ ਦਾ ਕਹਿਣਾ ਹੈ ਕਿ ਮੌਤਾਂ ਦੀ ਗਿਣਤੀ ਵੱਧ ਸਕਦੀ ਹੈ।ਫੈਡਰਲ ਏਵੀਏਸ਼ਨ ਐਡਮਿਨਿਸਟ੍ਰੇਸ਼ਨ (ਐਫਏਏ) ਨੇ ਰਿਪੋਰਟ ਦਿੱਤੀ ਕਿ ਯੂਪੀਐਸ ਫਲਾਈਟ 2976, ਇੱਕ ਮੈਕਡੋਨਲ ਡਗਲਸ ਐਮਡੀ-11ਐਫ ਜਹਾਜ਼ ਜੋ ਹੋਨੋਲੂਲੂ ਲਈ ਜਾ ਰਿਹਾ ਸੀ, ਸਥਾਨਕ ਸਮੇਂ ਅਨੁਸਾਰ ਸ਼ਾਮ 5:15 ਵਜੇ (4 ਨਵੰਬਰ) ਉਡਾਣ ਭਰਨ ਤੋਂ ਕੁਝ ਮਿੰਟ ਬਾਅਦ ਹੀ ਹਾਦਸਾਗ੍ਰਸਤ ਹੋ ਗਿਆ। ਹਵਾਈ ਅੱਡਾ ਯੂਪੀਐਸ ਵਰਲਡਪੋਰਟ ਦਾ ਘਰ ਹੈ, ਜੋ ਕਿ ਏਅਰ ਕਾਰਗੋ ਓਪਰੇਸ਼ਨਾਂ ਲਈ ਕੰਪਨੀ ਦਾ ਗਲੋਬਲ ਹੱਬ ਹੈ ਅਤੇ ਦੁਨੀਆ ਦੀ ਸਭ ਤੋਂ ਵੱਡੀ ਪੈਕੇਜ ਹੈਂਡਲਿੰਗ ਸਹੂਲਤ ਹੈ। ਕੈਂਟੀਕ ਦੇ ਗਵਰਨਰ ਐਂਡੀ ਬੇਸਰ ਨੇ ਕਿਹਾ ਕਿ ਲੁਈਸਵਿਲੇ ਵਿੱਚ ਹੋਏ ਭਿਆਨਕ ਜਹਾਜ਼ ਹਾਦਸੇ ਵਿੱਚ ਘੱਟੋ-ਘੱਟ ਸੱਤ ਲੋਕ ਮਾਰੇ ਗਏ ਅਤੇ 11 ਜ਼ਖਮੀ ਹੋਏ। ਉਨ੍ਹਾਂ ਚੇਤਾਵਨੀ ਦਿੱਤੀ ਕਿ ਬਚਾਅ ਕਾਰਜ ਅਜੇ ਵੀ ਜਾਰੀ ਹੋਣ ਕਾਰਨ ਮੌਤਾਂ ਦੀ ਗਿਣਤੀ ਵੱਧ ਸਕਦੀ ਹੈ। ਲੁਈਸਵਿਲੇ ਦੇ ਮੇਅਰ ਕ੍ਰੇਗ ਗ੍ਰੀਨਬਰਗ ਨੇ ਕਿਹਾ ਕਿ ਅੱਗ ਜਹਾਜ਼ ਵਿੱਚ ਵੱਡੀ ਮਾਤਰਾ ਵਿੱਚ ਜੈੱਟ ਬਾਲਣ ਹੋਣ ਕਾਰਨ ਲੱਗੀ। "ਮੈਂ ਸਮਝਦਾ ਹਾਂ ਕਿ ਜਹਾਜ਼ ਵਿੱਚ ਲਗਭਗ 280,000 ਗੈਲਨ ਬਾਲਣ ਸੀ," ਗ੍ਰੀਨਬਰਗ ਨੇ ਦੱਸਿਆ। "ਇਹ ਕਈ ਤਰੀਕਿਆਂ ਨਾਲ ਚਿੰਤਾ ਦਾ ਇੱਕ ਗੰਭੀਰ ਕਾਰਨ ਹੈ।" ਹਾਦਸੇ ਦੀਆਂ ਕਈ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀਆਂ ਹਨ, ਜਿਸ ਵਿੱਚ ਹਵਾਈ ਅੱਡੇ ਦੇ ਦੱਖਣ ਵਿੱਚ ਫਰਨ ਵੈਲੀ ਅਤੇ ਗ੍ਰੇਡ ਲੇਨ ਤੋਂ ਸੰਘਣਾ ਕਾਲਾ ਧੂੰਆਂ ਉੱਠਦਾ ਦਿਖਾਈ ਦੇ ਰਿਹਾ ਹੈ। ਐਮਰਜੈਂਸੀ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਹਨ ਅਤੇ ਬਚਾਅ ਕਾਰਜਾਂ ਵਿੱਚ ਰੁੱਝੀਆਂ ਹੋਈਆਂ ਹਨ। ਲੁਈਸਵਿਲੇ ਮੈਟਰੋ ਪੁਲਿਸ ਵਿਭਾਗ ਨੇ ਰਿਪੋਰਟ ਦਿੱਤੀ ਕਿ ਕਈ ਏਜੰਸੀਆਂ ਅੱਗ ਅਤੇ ਮਲਬੇ ਨਾਲ ਇੱਕ ਸਰਗਰਮ ਸਾਈਟ 'ਤੇ ਜਵਾਬ ਦੇ ਰਹੀਆਂ ਸਨ। ਵਿਭਾਗ ਨੇ ਟਵਿੱਟਰ 'ਤੇ ਇੱਕ ਸੰਖੇਪ ਪੋਸਟ ਵਿੱਚ ਜ਼ਖਮੀਆਂ ਦੀ ਵੀ ਪੁਸ਼ਟੀ ਕੀਤੀ। ਵਿਭਾਗ ਨੇ ਐਕਸ (ਪਹਿਲਾਂ ਟਵਿੱਟਰ) 'ਤੇ ਇੱਕ ਸੰਖੇਪ ਪੋਸਟ ਵਿੱਚ ਕਿਹਾ "ਸੱਟਾਂ ਦੀ ਰਿਪੋਰਟ ਕੀਤੀ ਗਈ ਹੈ।" ਬਾਅਦ ਵਿੱਚ, ਅਧਿਕਾਰੀਆਂ ਨੇ ਸਟੂਗੇਸ ਅਤੇ ਕ੍ਰਿਟੇਂਡੇਨ ਵਿਚਕਾਰ ਗ੍ਰੇਡ ਲੇਨ ਨੂੰ ਅਣਮਿੱਥੇ ਸਮੇਂ ਲਈ ਬੰਦ ਕਰ ਦਿੱਤਾ ਕਿਉਂਕਿ ਬਚਾਅ ਕਾਰਜ ਜਾਰੀ ਸਨ। ਲੂਈਸਵਿਲੇ ਮੁਹੰਮਦ ਅਲੀ ਅੰਤਰਰਾਸ਼ਟਰੀ ਹਵਾਈ ਅੱਡੇ ਨੇ ਪੁਸ਼ਟੀ ਕੀਤੀ ਕਿ ਇੱਕ ਜਹਾਜ਼ ਹਾਦਸੇ ਵਿੱਚ ਸ਼ਾਮਲ ਸੀ ਅਤੇ ਐਮਰਜੈਂਸੀ ਸੇਵਾਵਾਂ ਮੌਕੇ 'ਤੇ ਕੰਮ ਕਰਨ ਦੌਰਾਨ ਹਵਾਈ ਖੇਤਰ ਨੂੰ ਅਸਥਾਈ ਤੌਰ 'ਤੇ ਬੰਦ ਕਰ ਦਿੱਤਾ ਗਿਆ ਸੀ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ — ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ** : ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ** : ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ — "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ** : ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ** : ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ — **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ: 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**
**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV


--✶ ਜਾਰੀ ਕਰਤਾ ✶--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

**ਆਵਾਜ਼ਿ ਕੌਮ**

Daily Newspaper from U.K.

Publisher/Chief Editor
***Raghbir Singh Walsal***
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



## ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ। ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







# ਗੁਰਮਤਿ ਸਮਾਗਮ

**GURU NANAK GURDWARA WILLENHALL 65-67 WALSAL ROAD (WV13 2RD)**

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**




ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

**ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ**

**ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204**


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
Law St
Night Pharmacy
Ladlee Direct
HSBC
Chai Paani
Ross Walk Launderette
Shiva Shakti Foods
Buller Rd
Roopkala Beauty Salon
Cossington Recreation ground
Heena Tailor
Hyderabad Wala - Leicester
Kensington St
Belgrave Neighbourhood Centre
Belgrave Health Centre
Westbourne St
Milans
Health Centre Car Park
Dorset St
Brandon Street Surgery
Shiv Sagar Veg
Shri Siva
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ

ਲੱਖ-ਲੱਖ ਵਧਾਈਆਂ

# Guru Nanak Gurdwara Cultural & Recreational Centre, Preston



## ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਧਾਰਮਿਕ ਸਮਾਗਮ

## ਸ਼ੁੱਕਰਵਾਰ 7 ਨਵੰਬਰ ਤੋਂ ਐਤਵਾਰ 9 ਨਵੰਬਰ 2025 ਤੱਕ

**2–20 Tunbridge Street, Preston, Lancashire PR1 5YP**

**ਗੁਰੂ ਪਿਆਰੀ ਸਾਧ ਸੰਗਤ ਜੀਓ**

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਸਿੱਖ ਧਰਮ ਦੇ ਪਹਿਲੇ ਗੁਰੂ ਹੋਏ ਹਨ। ਗੁਰੂ ਜੀ ਨੇ ਮਨੁੱਖਤਾ ਨੂੰ ਪ੍ਰੇਰਿਤ ਕੀਤਾ ਹੈ ਕਿ —ਨਾਮ ਜਪੋ, ਵੰਡ ਛਕੋ ਅਤੇ ਕਿਰਤ ਕਰੋ। ਇਨ੍ਹਾਂ ਉਪਦੇਸ਼ਾਂ ਉੱਤੇ ਚਲਦਿਆਂ ਸਿੱਖ ਕੌਮ ਅੱਜ ਵੀ ਦੁਨੀਆ ਭਰ ਵਿੱਚ ਆਪਣੇ ਗੁਰੂਆਂ ਦਾ ਨਾਮ ਰੋਸ਼ਨ ਕਰ ਰਹੀ ਹੈ। ਇਸ ਪਵਿੱਤਰ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਗੁਰੂ ਨਾਨਕ ਗੁਰਦੁਆਰਾ ਕਲਚਰਲ ਐਂਡ ਰਿਕਰੇਸ਼ਨਲ ਸੈਂਟਰ, ਪ੍ਰੈਸਟਨ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ। ਆਪ ਸਭ ਸੰਗਤਾਂ ਨੂੰ ਸਨਮਾਨ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਰੌਣਕਾਂ ਵਧਾਓ ਅਤੇ ਸਤਿਗੁਰੂ ਦੀਆਂ ਅਸੀਸਾਂ ਪ੍ਰਾਪਤ ਕਰੋ ਜੀ।

## ਪ੍ਰੋਗਰਾਮ:

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਆਰੰਭ:**
ਸ਼ੁਕਰਵਾਰ, 7 ਨਵੰਬਰ 2025 - ਸਵੇਰੇ 10:30 ਵਜੇ

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ:**
ਐਤਵਾਰ, 9 ਨਵੰਬਰ 2025 -
**ਸਵੇਰੇ 10:30 ਵਜੇ ਕੀਰਤਨ ਦਰਬਾਰ:**
11:00 ਤੋਂ 12:00 ਵਜੇ ਤੱਕ -
**ਗੁਰੂ ਘਰ ਦਾ ਹਜੂਰੀ ਜਥਾ**
12:00 ਤੋਂ 1:30 ਵਜੇ ਤੱਕ - ਭਾਈ ਗੁਰਜੀਤ ਸਿੰਘ ਕਵੈਂਟਰੀ ਵਾਲਿਆਂ ਦਾ ਕੀਰਤਨੀ ਜਥਾ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

**★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★**

**07958 683500**
**07424 247602**
**info.gngpreston@gmail.com**
**Charity No. 1138835**

**ਨੋਟ:**
ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਪਤ ਪਰਿਵਾਰਾਂ ਵੱਲੋਂ ਹੋਵੇਗੀ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਮੁੱਖ ਮੰਤਰੀ ਭਗਵੰਤ ਮਾਨ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ









ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਅੰਮ੍ਰਿਤਸਰ ਸਾਹਿਬ, 5 ਨਵੰਬਰ (ਆਵਾਜ਼ ਕੌਮ ਬਿਊਰੋ)**-ਪਹਿਲੇ ਪਾਤਸ਼ਾਹ, ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਾਵਨ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਤਮਸਤਕ ਹੋਣ ਦਾ ਸੁਭਾਗਾ ਪ੍ਰਾਪਤ ਕੀਤਾ।

ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਅੱਗੇ ਸੀਸ ਨਿਵਾਇਆ, ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ ਅਤੇ ਨਾਨਕ ਨਾਮ ਲੇਵਾ ਸੰਗਤਾਂ ਦੇ ਦਰਸ਼ਨ ਕੀਤੇ।

ਇਸ ਮੌਕੇ ਭਗਵੰਤ ਮਾਨ ਨੇ ਗੁਰੂ ਸਾਹਿਬ ਅੱਗੇ ਪੰਜਾਬ ਵਿੱਚ ਸਰਬ-ਸਾਂਝੀਵਾਲਤਾ ਤੇ ਭਾਈਚਾਰਕ ਸਾਂਝ ਕਾਇਮ ਰਹਿਣ ਦੀ ਅਰਦਾਸ ਕੀਤੀ। ਉਨ੍ਹਾਂ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਸਨੇਹਾ ਸਾਰੀ ਮਨੁੱਖਤਾ ਲਈ ਸ਼ਾਂਤੀ, ਪ੍ਰੇਮ ਅਤੇ ਸੱਚਾਈ ਦਾ ਪ੍ਰਤੀਕ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨ ਦਾ ਫ਼ੈਸਲਾ ਵਾਪਸ ਲੈਣਾ ਸੰਘਰਸ਼ ਦੀ ਜਿੱਤ : ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਪੁਨਰ ਸੁਰਜੀਤ ਦੇ ਮੁੱਖ ਬੁਲਾਰੇ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਜਥੇਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਖਤਮ ਕੀਤੇ ਜਾਣ ਵਾਲੇ ਨੌਟੀਫਕੇਸਨ ਨੂੰਰੱਦ ਕਰਨ ਲਈ ਸਰਕਾਰ ਉੱਪਰ ਸੰਘਰਸ਼ ਦੀ ਜਿੱਤ ਦਸਿਆ ਹੈ ਇਸ ਕਦਮ ਨੂੰ ਕੇਂਦਰ ਸਰਕਾਰ ਦਾ ਪੰਜਾਬ ਉੱਪਰ 1966 ਤੋਂ ਬਾਅਦ ਦਾ ਸਭ ਤੋਂ ਵੱਡਾ ਨੀਤੀਗਤ ਹਮਲਾ ਕਰਾਰ ਦਿੱਤਾ ਹੈ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ,ਕੇਂਦਰ ਸਰਕਾਰ ਵੱਲੋਂ ਪੰਜਾਬ ਦਾ ਦਿਲ ਕਹੀ ਜਾਣ ਵਾਲੀ ਪੰਜਾਬ ਯੂਨੀਵਰਸਟੀ ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਖਤਮ ਕਰਨ ਦਾ ਫੈਸਲਾ ਕੇਂਦਰ ਵੱਲੋਂ ਪੰਜਾਬ ਦੀ ਜਮਹੂਰੀ ਸੰਸਥਾਵਾਂ ਤੇ ਸਿੱਖਿਅਕ ਖੁਦਮੁਖਤਿਆਰਤਾ 'ਤੇ ਸਿੱਧਾ ਹਮਲਾ ਸੀ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਕੇਂਦਰ ਵੱਲੋਂ ਖਾਸ ਤੌਰ ਤੇ 1 ਨਵੰਬਰ ਦੇ ਦਿਨ ਦੀ ਚੋਣ ਕੀਤੀ ਗਈ ਹੈ, ਕਿਉਂ ਕਿ ਕੋਈ ਵੀ ਕੇਂਦਰ ਸਰਕਾਰ ਇਸ ਦਿਨ ਦੀ ਪੰਜਾਬ ਦੇ ਸੰਦਰਭ ਵਿੱਚ ਅਹਿਮੀਅਤ ਤੋਂ ਭਲੀ ਭਾਂਤ ਜਾਣੂੰ ਹੈ। ਇਹ ਦਿਨ ਪੰਜਾਬ ਅਤੇ ਸਿੱਖ ਕੌਮ ਨਾਲ ਜਜ਼ਬਾਤੀ ਤੌਰ ਤੇ ਲਗਾਅ ਦੇਣਾ ਵਾਲਾ ਸੀ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਇਹ ਫੈਸਲਾ ਸਿਰਫ਼ ਇਕ ਯੂਨੀਵਰਸਟੀ ਦਾ ਪ੍ਰਸ਼ਾਸਕੀ ਮਾਮਲਾ ਨਹੀਂ, ਬਲਕਿ ਪੰਜਾਬ ਦੀ ਆਵਾਜ਼, ਮਾਣਮੱਤੇ ਇਤਿਹਾਸ ਅਤੇ ਅਧਿਕਾਰਾਂ ਨੂੰ ਖੋਹਣ ਦੀ ਵੱਡੀ ਸਾਜ਼ਿਸ਼ ਦਾ ਹਿੱਸਾ ਸੀ ਪੰਜਾਬ ਯੂਨੀਵਰਸਟੀ ਹਮੇਸ਼ਾ ਪੰਜਾਬੀ ਸਭਿਆਚਾਰ, ਭਾਸ਼ਾ ਅਤੇ ਵਿਦਿਆ ਦਾ ਪ੍ਰਤੀਕ ਰਹੀ ਹੈ, ਜਿਸਨੂੰ ਹੁਣ ਕੇਂਦਰ ਸਰਕਾਰ ਸਿੱਧੇ ਆਪਣੇ ਕਬਜ਼ੇ 'ਚ ਲੈਣਾ ਚਾਹੁੰਦੀ ਸੀ ਜੋ ਕਿ ਕਦਾਈਂ ਪ੍ਰਵਾਨ ਨਹੀਂ ਕੀਤਾ ਜਾ ਸਕਦਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬੀ ਕਲਚਰਲ ਕੌਂਸਲ ਵੱਲੋਂ ਪੰਜਾਬ ਯੂਨੀਵਰਸਿਟੀ ਦੇ ਪੁਰਾਣੇ ਢਾਂਚੇ ਤਹਿਤ ਸੈਨੇਟ ਤੇ ਸਿੰਡੀਕੇਟ ਚੋਣਾਂ ਤੁਰੰਤ ਬਹਾਲ ਕਰਨ ਦੀ ਮੰਗ

## ਕੇਂਦਰ ਦਾ ਕਦਮ ਪੰਜਾਬ ਦੀ ਅਕਾਦਮਿਕ ਵਿਰਾਸਤ 'ਤੇ ਹਮਲਾ ਕਰਾਰ ; 142 ਸਾਲ ਪੁਰਾਣੀ ਵਿੱਦਿਅਕ ਸੰਸਥਾ 'ਚ ਜਮਹੂਰੀਅਤ ਮੁੜ ਸੁਰਜੀਤ ਕਰਨ ਦੀ ਅਪੀਲ



ਚੰਡੀਗੜ੍ਹ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬੀ ਕਲਚਰਲ ਕੌਂਸਲ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਬੇਅਸਰ ਕਰਨ ਅਤੇ ਪੰਜਾਬ ਦੇ ਕਾਲਜਾਂ ਦੀ ਪ੍ਰਤੀਨਿਧਤਾ ਨੂੰ ਮਨਫੀ ਕਰਨ ਦੇ ਫੈਸਲੇ ਦੀ ਸਖ਼ਤ ਨਿੰਦਾ ਕਰਦਿਆਂ ਇਸ ਕਦਮ ਨੂੰ ਪੰਜਾਬ ਦੇ ਸਭ ਤੋਂ ਪੁਰਾਣੇ ਅਤੇ ਸਭ ਤੋਂ ਵੱਕਾਰੀ ਵਿਦਿਅਕ ਅਦਾਰਿਆਂ ਵਿੱਚੋਂ ਇੱਕ 'ਤੇ ਪੰਜਾਬ ਦੇ ਦਾਅਵੇ ਨੂੰ ਕਮਜ਼ੋਰ ਕਰਨ ਦੀ ਡੂੰਘੀ ਇਤਰਾਜ਼ਯੋਗ ਅਤੇ ਜਾਣਬੁੱਝ ਕੇ ਕੀਤੀ ਗਈ ਸਾਜ਼ਿਸ਼ ਕਰਾਰ ਦਿੱਤਾ ਹੈ। ਕੌਂਸਲ ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕੇਂਦਰ ਦੇ ਇਸ ਫੈਸਲੇ ਨੇ ਯੂਨੀਵਰਸਿਟੀ ਦੀ 142 ਸਾਲਾਂ ਦੀ ਵਿਰਾਸਤ 'ਤੇ ਮਾਣ ਕਰਨ ਵਾਲੇ ਪੰਜਾਬੀਆਂ ਦੀਆਂ ਭਾਵਨਾਵਾਂ ਨੂੰ ਡੂੰਘੀ ਸੱਟ ਮਾਰੀ ਹੈ ਯੂਨੀਵਰਸਿਟੀ ਨੂੰ ਪੰਜਾਬ ਤੋਂ ਵੱਖ ਕਰਨ ਦੀ ਸਾਜ਼ਿਸ਼ ਰਚੀ ਗਈ ਹੈ। ਉਨ੍ਹਾਂ ਮੰਗ ਕੀਤੀ ਕਿ ਯੂਨੀਵਰਸਿਟੀ ਦੇ ਮੂਲ ਲੋਕਤੰਤਰੀ ਢਾਂਚੇ ਨੂੰ ਤੁਰੰਤ ਬਹਾਲ ਕੀਤਾ ਜਾਵੇ ਅਤੇ ਅਧਿਆਪਕਾਂ, ਵਿਦਿਆਰਥੀਆਂ ਅਤੇ ਹੋਰਨਾਂ ਦੇ ਜਮਹੂਰੀ ਹੱਕਾਂ ਲਈ ਲੋਕਤੰਤਰੀ ਢਾਂਚੇ ਨੂੰ ਬਰਕਰਾਰ ਰੱਖਣ ਲਈ ਸੈਨੇਟ ਅਤੇ ਸਿੰਡੀਕੇਟ ਲਈ ਪਹਿਲਾਂ ਵਾਂਗ ਹੀ ਚੋਣਾਂ ਕਰਵਾਈਆਂ ਜਾਣ। ਰਾਜ ਪੁਰਸਕਾਰ ਪ੍ਰਾਪਤਕਰਤਾ ਗਰੇਵਾਲ ਨੇ ਕਿਹਾ ਕਿ ਸਾਲ 1882 ਵਿੱਚ ਲਾਹੌਰ ਵਿਖੇ ਅੰਗਰੇਜ਼ਾਂ ਦੁਆਰਾ ਸਥਾਪਿਤ ਇਹ ਯੂਨੀਵਰਸਿਟੀ ਪੰਜਾਬ ਸੂਬੇ ਦੀ ਬੌਧਿਕ, ਵਿਗਿਆਨਕ ਅਤੇ ਸੱਭਿਆਚਾਰਕ ਪਛਾਣ ਦਾ ਪ੍ਰਤੀਕ ਹੈ। ਉਨ੍ਹਾਂ ਸਰਕਾਰ ਦਾ ਮੌਜੂਦਾ ਕਦਮ ਅਤੇ 1 ਨਵੰਬਰ 1966 ਦੀਆਂ ਘਟਨਾਵਾਂ ਵਿਚ ਸਮਾਨਤਾ ਦੀ ਗੱਲ ਕਰਦਿਆਂ ਕਿਹਾ ਕਿ ਇਹ ਕਦਮ ਵੀ ਉਸ ਮੌਕੇ ਚੁੱਕਿਆ ਗਿਆ ਜਦੋਂ ਕਰੀਬ 69 ਸਾਲ ਪਹਿਲਾਂ 1966 ਵਿੱਚ ਪੰਜਾਬ ਦੀ ਵੰਡ ਦੇ ਨਤੀਜੇ ਵਜੋਂ ਬਹੁਤ ਸਾਰੇ ਪੰਜਾਬੀ ਬੋਲਦੇ ਇਲਾਕੇ ਗਵਾਂਢੀ ਰਾਜਾਂ ਨੂੰ ਦੇ ਦਿੱਤੇ ਸਨ ਅਤੇ ਚੰਡੀਗੜ੍ਹ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਵਜੋਂ ਪੰਜਾਬ ਤੋਂ ਵੱਖ ਕਰ ਦਿੱਤਾ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਨੇ ਹੁਣ ਯੂਨੀਵਰਸਿਟੀ ਉੱਤੇ ਆਪਣੀ ਪਕੜ ਮਜ਼ਬੂਤ ? ?ਕਰਨ ਲਈ ਉਹੀ ਪ੍ਰਤੀਕਾਤਮਕ ਸਮਾਂ ਚੁਣ ਕੇ ਪੁਰਾਣੀ ਯਾਦ ਤਾਜ਼ਾ ਕਰ ਦਿੱਤੀ ਹੈ ਜਦੋਂ ਪੰਜਾਬ ਦੀ ਕਾਣੀ ਵੰਡ ਕਰਕੇ ਰਾਜ ਨੂੰ ਉਸਦੇ ਬੁਨਿਆਦੀ ਹੱਕਾਂ ਤੋਂ ਵਾਂਝਾ ਕਰ ਦਿੱਤਾ ਗਿਆ ਸੀ। ਗਰੇਵਾਲ ਨੇ ਕਿਹਾ ਕਿ ਇਸ ਯੂਨੀਵਰਸਿਟੀ ਵਿੱਚ ਛੇ ਦਹਾਕੇ ਪੁਰਾਣੀ ਲੋਕਤੰਤਰੀ ਵਿਵਸਥਾ ਨੂੰ ਖਤਮ ਕਰਦਿਆਂ ਆਪਣੇ ਪ੍ਰਤੀਨਿਧੀਆਂ ਨੂੰ ਨਾਮਜ਼ਦ ਕਰਕੇ ਕੇਂਦਰ ਨੇ ਨਾ ਸਿਰਫ਼ ਇੱਕ ਪੁਰਾਤਨ ਪਰੰਪਰਾ ਨੂੰ ਖਤਮ ਕਰ ਦਿੱਤਾ ਹੈ ਬਲਕਿ ਪੰਜਾਬੀਆਂ ਦੇ ਇਸ ਵਿਦਿਅਕ ਸੰਸਥਾ ਪ੍ਰਤੀ ਜਮਹੂਰੀ ਅਧਿਕਾਰ ਵੀ ਖੋਹ ਲਏ ਹਨ। ਸੈਨੇਟ ਵਿੱਚ ਚੰਡੀਗੜ੍ਹ ਦੇ ਸੰਸਦ ਮੈਂਬਰ, ਮੁੱਖ ਸਕੱਤਰ ਅਤੇ ਸਿੱਖਿਆ ਸਕੱਤਰ ਨੂੰ ਅਹੁਦੇਦਾਰ ਮੈਂਬਰਾਂ ਵਜੋਂ ਸ਼ਾਮਲ ਕਰਨ ਦੇ ਫੈਸਲੇ ਦੀ ਆਲੋਚਨਾ ਕਰਦੇ ਹੋਏ ਐਡਵੋਕੇਟ ਗਰੇਵਾਲ ਨੇ ਕਿਹਾ ਕਿ ਇਹ ਕਦਮ ਪੰਜਾਬ ਦੀ ਆਪਣੀ ਰਾਜਧਾਨੀ ਨੂੰ ਇੱਕ ਬੇਗਾਨੇ ਖ਼ਿੱਤੇ ਵਜੋਂ ਪੇਸ਼ ਕਰਦਾ ਹੈ। ਉਨ੍ਹਾਂ ਯਾਦ ਦਿਵਾਇਆ ਕਿ ਕਿਵੇਂ ਪੰਜਾਬ ਰਾਜ ਦੇ ਪੁਨਰਗਠਨ ਤੋਂ ਬਾਅਦ ਪੰਜਾਬ ਨੂੰ ਆਪਣੀ ਰਾਜਧਾਨੀ, ਦਰਿਆਈ ਪਾਣੀਆਂ ਅਤੇ ਹੈੱਡਵਰਕਸਾਂ 'ਤੇ ਕੰਟਰੋਲ ਤੋਂ ਵਾਂਝਾ ਕਰ ਦਿੱਤਾ ਗਿਆ ਅਤੇ ਤਾਜ਼ਾ ਕਦਮ ਵੀ ਯੋਜਨਾਬੱਧ ਤੌਰ 'ਤੇ ਚੰਡੀਗੜ੍ਹ ਤੋਂ ਹੱਕ ਖਤਮ ਕਰਨ ਦਾ ਉਹੀ ਪੁਰਾਣਾ ਪੈਟਰਨ ਹੈ। ਕੌਂਸਲ ਦੇ ਪ੍ਰਧਾਨ ਨੇ ਅੱਗੇ ਦੱਸਿਆ ਕਿ ਪੁਨਰਗਠਿਤ ਸੈਨੇਟ ਨੂੰ 90 ਮੈਂਬਰੀ ਤੋਂ ਘਟਾ ਕੇ ਸਿਰਫ਼ 31 ਮੈਂਬਰਾਂ ਤੱਕ ਸੀਮਤ ਕਰ ਦਿੱਤਾ ਹੈ ਜਿਨ੍ਹਾਂ ਵਿੱਚੋਂ ਹੁਣ ਸਿਰਫ਼ 18 ਮੈਂਬਰ ਹੀ ਚੁਣੇ ਜਾਣਗੇ। ਪਹਿਲਾਂ ਪੰਜਾਬ ਦੇ ਕਾਲਜਾਂ ਤੋਂ ਚੁਣੇ ਜਾਂਦੇ 47 ਮੈਂਬਰ ਮਜ਼ਬੂਤ ਪ੍ਰਤੀਨਿਧਤਾ ਸਦਕਾ ਯੂਨੀਵਰਸਿਟੀ ਪ੍ਰਸ਼ਾਸਨ ਅੱਗੇ ਆਪਣੀ ਅਕਾਦਮਿਕ ਗੱਲ ਬਿਹਤਰ ਤਰੀਕੇ ਨਾਲ ਉਠਾਉਣ ਦੇ ਸਮਰੱਥ ਸਨ ਪਰ ਹੁਣ ਕੇਂਦਰ ਦੇ ਪੂਰੇ ਨਿਯੰਤਰਣ ਨਾਲ ਮਨਮਾਨੇ ਫੈਸਲਿਆਂ 'ਤੇ ਸਵਾਲ ਉਠਾਉਣ ਵਾਲਾ ਕੋਈ ਨਹੀਂ ਬਚੇਗਾ। ਗਰੇਵਾਲ ਨੇ ਸਾਰੀਆਂ ਸਿਆਸੀ ਪਾਰਟੀਆਂ, ਸਮਾਜਿਕ ਸੰਗਠਨਾਂ, ਕਾਲਜਾਂ ਦੇ ਅਧਿਆਪਕਾਂ ਅਤੇ ਵਿਦਿਆਰਥੀ ਜਥੇਬੰਦੀਆਂ ਨੂੰ ਇਸ ਮੁੱਦੇ ਉੱਤੇ ਇੱਕਜੁੱਟ ਹੋਣ ਅਤੇ ਸੈਨੇਟ - ਸਿੰਡੀਕੇਟ ਦੀ ਤੁਰੰਤ ਪੁਰਾਣੀ ਬਹਾਲੀ ਲਈ ਜੱਦੋ ਜਹਿਦ ਕਰਨ ਦੀ ਅਪੀਲ ਕੀਤੀ ਹੈ ਕਿਉਂਕਿ ਇਹ ਸਿਰਫ਼ ਯੂਨੀਵਰਸਿਟੀ ਸ਼ਾਸਨ ਲਈ ਹੀ ਨਹੀਂ ਸਗੋਂ ਪੰਜਾਬ ਦੇ ਅਕਾਦਮਿਕ ਮਾਣ ਅਤੇ ਜਮਹੂਰੀ ਅਧਿਕਾਰਾਂ ਦੀ ਰੱਖਿਆ ਲਈ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਡੇਰਾ ਬਾਬਾ ਸੰਧਿਆ ਦਾਸ ਪਿੰਡ ਜਗਾ ਰਾਮ ਤੀਰਥ ਵਿਖੇ

# ਧੂਮਧਾਮ ਨਾਲ ਮਨਾਇਆ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ





ਤਲਵੰਡੀ ਸਾਬੋ, 06 ਨਵੰਬਰ (ਗੁਰਜੰਟ ਸਿੰਘ ਨਥੇਹਾ)- ਨੇੜਲੇ ਪਿੰਡ ਜਗਾ ਰਾਮ ਤੀਰਥ ਦੇ ਡੇਰਾ ਬਾਬਾ ਸੰਧਿਆ ਦਾਸ ਵਿਖੇ ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਅਖੰਡ ਪਾਠਾਂ ਦੇ ਭੋਗ ਪਾਉਣ ਤੋਂ ਬਾਅਦ ਬਾਬਾ ਅਵਤਾਰ ਸਿੰਘ ਜੀ ਮਸਤੂਆਣਾ ਸਾਹਿਬ ਦੇ ਜਥੇ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ। ਬਾਬਾ ਅਵਤਾਰ ਸਿੰਘ ਜੀ ਵਲੋਂ ਗੁਰੂ ਨਾਨਕ ਦੇਵ ਜੀ ਦੁਆਰਾ ਸੱਚ ਦਾ ਰਾਹ, ਨਾਮ ਬਾਣੀ ਦਾ ਪ੍ਰਵਾਹ ਚਲਾਉਣ, ਪਰਮਾਤਮਾ ਦੀ ਬੰਦਗੀ ਅਤੇ ਕਿਰਤ ਕਰਨ ਦਾ ਸੁਨੇਹਾ ਦਿੱਤਾ ਆਦਿ ਸ਼ਬਦਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਡੇਰਾ ਬਾਬਾ ਸੰਧਿਆ ਦਾਸ ਦੇ ਡੇਰਾ ਮੁਖੀ ਬਾਬਾ ਹਰਬੰਸ ਦਾਸ ਜੀ ਵੱਲੋਂ ਭੋਗ ਮੌਕੇ ਪਹੁੰਚੀਆਂ ਸੰਗਤਾਂ ਨੂੰ ਜੀ ਆਇਆ ਆਖਿਆ ਗਿਆ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਮੇਜਰ ਸਿੰਘ ਸਰਪੰਚ, ਡਾਕਟਰ ਰੇਸ਼ਮ ਸਿੰਘ, ਜੱਗਾ ਸਿੰਘ ਕਲੱਬ ਪ੍ਰਧਾਨ, ਮੰਦਰ ਪ੍ਰਧਾਨ ਬਿੱਕਰ ਸਿੰਘ ਬਲਾਕ ਸੰਮਤੀ ਮੈਂਬਰ, ਜੱਗਾ ਸਿੰਘ ਪੁਲਿਸ ਇੰਸਪੈਕਟਰ, ਪਾਲ ਚਹਿਲ, ਰੇਸ਼ਮ ਸਿੱਧੂ, ਸੁਰਜੀਤ ਸ਼ਰਮਾ, ਨਛੱਤਰ ਚੌਧਰੀ, ਗੋਰਾ ਸਿੱਧੂ, ਗੁਰਮਨ ਮੌੜ, ਬਾਬਾ ਅਮਰਜੀਤ, ਬਾਬਾ ਅੰਮ੍ਰਿਤਪਾਲ ਸਿੰਘ, ਪਾਲੂ ਸ਼ਰਮਾ ਆਦਿ ਨੇ ਸੇਵਾਵਾਂ ਨਿਭਾਈਆਂ।

### ਧੂਰੀ ਵਿਕਾਸ ਮੰਚ ਨੇ ਗੁਰੁਪੁਰਬ ਮੌਕੇ ਬੂਟਿਆਂ ਦਾ ਲੰਗਰ ਲਗਾਇਆ

# ਲੋਕ ਨਸ਼ਾਖੋਰ ਲੋਕਾਂ ਦੀ ਪੁਲਿਸ ਨੂੰ ਸੂਚਨਾ ਦੇ ਕੇ ਪੁੰਨ ਖੱਟਣ - ਰਣਬੀਰ ਸਿੰਘ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧੂਰੀ ਵਿਕਾਸ ਮੰਚ ਵੱਲੋਂ ਅੱਜ ਥਾਣਾ ਸਿਟੀ ਧੂਰੀ ਦੇ ਅੱਗੇ ਵਣ ਵਿਭਾਗ ਦੇ ਸਹਿਯੋਗ ਨਾਲ 'ਬੂਟਿਆਂ ਦਾ ਲੰਗਰ' ਲਗਾਇਆ ਗਿਆ। ਇਸ ਉਪਰਾਲੇ ਦੀ ਅਗਵਾਈ ਸੰਸਥਾ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਕੀਤੀ। ਇਸ ਪੁੰਨ ਭਰੇ ਪ੍ਰੋਗਰਾਮ ਅਧੀਨ ਕਰੀਬ ਛੇ ਸੌ ਫ਼ਲਦਾਰ, ਫੁੱਲਦਾਰ ਅਤੇ ਛਾਂਦਾਰ ਬੂਟੇ ਰਾਹਗੀਰਾਂ ਤੇ ਇਲਾਕਾ ਨਿਵਾਸੀਆਂ ਵਿੱਚ ਵੰਡੇ ਗਏ ਅਤੇ ਹਰ ਇੱਕ ਨੂੰ ਇਹ ਬੂਟੇ ਸੰਭਾਲਣ, ਸੇਵਾ ਨਾਲ ਪਾਲਣ-ਪੋਸ਼ਣ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਡੀ.ਐੱਸ.ਪੀ. ਧੂਰੀ ਰਣਬੀਰ ਸਿੰਘ ਨੇ ਧੂਰੀ ਵਿਕਾਸ ਮੰਚ ਦੀ ਇਸ ਸਰਾਹਣਯੋਗ ਪਹਿਲ ਦੀ ਖੁਲ੍ਹ ਕੇ ਤਾਰੀਫ਼ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਾਨੂੰ ਕੁਦਰਤ ਨਾਲ ਪਿਆਰ ਅਤੇ ਮਨੁੱਖਤਾ ਦੀ ਸੇਵਾ ਦਾ ਪਾਠ ਪੜ੍ਹਾਇਆ ਹੈ। ਇਸ ਲਈ ਸਾਨੂੰ ਬੂਟੇ ਲਗਾ ਕੇ ਨਾ ਸਿਰਫ਼ ਵਾਤਾਵਰਣ ਸੰਭਾਲ ਵੱਲ ਯੋਗਦਾਨ ਦੇਣਾ ਚਾਹੀਦਾ ਹੈ, ਸਗੋਂ ਨਸ਼ੇ ਦੀ ਬੁਰਾਈ ਦੇ ਖਾਤਮੇ ਲਈ ਵੀ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ੇ ਦੀ ਲਤ 'ਚ ਫਸਿਆ ਹੋਇਆ ਹੈ ਜਾਂ ਨਸ਼ੇਬਾਜ਼ੀ ਕਰਦਾ ਹੈ, ਤਾਂ ਇਸ ਦੀ ਸੂਚਨਾ ਪੁਲਿਸ ਨੂੰ ਦੇਣਾ ਸਮਾਜਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਸ਼ੇਬਾਜ਼ ਨੂੰ ਕਾਬੂ ਕਰਵਾਉਣਾ ਕਿਸੇ ਪੁੰਨ ਦੇ ਕੰਮ ਤੋਂ ਘੱਟ ਨਹੀਂ, ਕਿਉਂਕਿ ਇਹ ਕਦਮ ਕਈ ਪਰਿਵਾਰਾਂ ਦੀ ਜ਼ਿੰਦਗੀ ਬਚਾ ਸਕਦਾ ਹੈ।

ਸੰਸਥਾ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਕਿਹਾ ਕਿ ਧੂਰੀ ਵਿਕਾਸ ਮੰਚ ਦਾ ਮੰਤਵ ਸਿਰਫ਼ ਵਿਕਾਸ ਪ੍ਰਚਾਰ ਨਹੀਂ, ਸਗੋਂ ਸਮਾਜਕ ਜਾਗਰੂਕਤਾ ਅਤੇ ਸਾਂਝੀ ਭਲਾਈ ਨੂੰ ਪ੍ਰਮੋਟ ਕਰਨਾ ਵੀ ਹੈ। ਉਨ੍ਹਾਂ ਐਲਾਨ ਕੀਤਾ ਕਿ ਅਜਿਹੇ ਵਾਤਾਵਰਣ ਪ੍ਰੇਮੀ ਅਤੇ ਲੋਕ-ਹਿਤੈਸ਼ੀ ਉਪਰਾਲੇ ਭਵਿੱਖ ਵਿੱਚ ਵੀ ਨਿਰੰਤਰ ਜਾਰੀ ਰਹਿਣਗੇ। ਇਸ ਮੌਕੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਉੱਪ ਚੇਅਰਮੈਨ ਅਭਿਨਵ ਗੋਇਲ, ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ, ਵਿੱਤ ਸਕੱਤਰ ਸੁਰਿੰਦਰਪਾਲ ਸਿੰਘ ਨੀਟਾ, ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ, ਜੁਆਇੰਟ ਖਜਾਨਚੀ ਮੋਹਿਤ ਜਿੰਦਲ, ਰੀਡਰ ਰਾਜ ਕੁਮਾਰ, ਮੁੱਖ ਮੁਨਸ਼ੀ ਪਰਮਜੀਤ ਸਿੰਘ ਆਦਿ ਵੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪਿੰਡ ਗੁਨੋਵਾਲ ਵਿਖੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ



**ਜੰਡਿਆਲਾ ਗੁਰੂ, 5 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਸਿੱਖ ਧਰਮ ਦੇ ਪਹਿਲੇ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦਾ 556 ਵਾਂ ਪ੍ਰਕਾਸ਼ ਦਿਹਾੜਾ ਜਿਥੇ ਜਿੱਥੇ ਵੀ ਗੁਰੂ ਨਾਨਕ ਲੇਵਾ ਸੰਗਤਾਂ ਵੱਸਦੀਆਂ ਹਨ ਉਥੇ ਉਥੇ ਹੀ ਸਿੱਖਾਂ ਦੇ ਪਹਿਲੇ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ 556ਵਾਂ ਪ੍ਰਕਾਸ਼ ਦਿਹਾੜਾ ਬੜੀ ਹੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾ ਰਿਹਾ ਹੈ ।। ਇਸੇ ਹੀ ਤਰ੍ਹਾਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਗੁੰਨੋਵਾਲ ਵਿਖੇ ਸਥਿਤ ਗੁਰਦੁਆਰਾ ਸਾਹਿਬ ਤੋਂ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਹੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਬਾਬਾ ਨਿਰਮਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ, ਗੁਰੂ ਨਾਨਕ ਦੇਵ ਪਾਤਸ਼ਾਹ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਿੰਨ ਤਰੀਕ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਅਤੇ ਅੱਜ ਪੰਜ ਤਰੀਕ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਜੋ ਕਿ ਛੋਟੇ ਪਿੰਡ ਗੋਰੇਵਾਲ ਖੂਹ ਦੇ ਗੁਰੂਦੁਆਰਾ ਸਾਹਿਬ ਤੋਂ ਆਰੰਭ ਹੋਇਆ। ਅਤੇ ਸਾਰੇ ਪਿੰਡ ਦੀ ਪਰਿਕਰਮਾ ਕਰਦੇ ਹੋਏ ਪਿੰਡ ਦੇ ਵੱਖ-ਵੱਖ ਗੁਰਦੁਆਰੇ ਸਾਹਿਬਾਨ ਦੇ ਦਰਸ਼ਨ ਕਰਦੇ ਹੋਏ ਦੇਰ ਸ਼ਾਮ ਆਪਣੇ ਨਿੱਜੀ ਸਥਾਨਾਂ ਤੇ ਨਗਰ ਕੀਰਤਨ ਦੀ ਸੰਪੂਰਨਤਾ ਦੀ ਅਰਦਾਸ ਕੀਤੀ ਗਈ। ਇਸ ਮੌਕੇ ਤੇ ਨਗਰ ਨਿਵਾਸੀ ਸਾਧ ਸੰਗਤ ਨੇ ਨਗਰ ਕੀਰਤਨ ਦੇ ਦਰਸਨਾਂ ਦੇ ਨਾਲ ਨਾਲ ਨਗਰ ਕੀਰਤਨ ਚ ਹਾਾਰੀਆਂ ਭਰ ਰਹੀਆਂ ਸੰਗਤਾਂ ਲਈ ਵੱਖ-ਵੱਖ ਪਦਾਰਥਾਂ ਦੇ ਲੰਗਰ ਪਰਸਾਦਿ ਵਰਤਾਏ ਗਏ । ਨਗਰ ਕੀਰਤਨ ਦੀਆਂ ਹਾਜਰੀਆਂ ਭਰ ਰਹੀ ਸੰਗਤ ਪ੍ਰਭੂ ਦੇ ਨਾਮ ਦੇ ਰੰਗ ਵਿਚ ਰੰਗੀ ਹੋਈ ਸੀ । ਅਤੇ ਅੱਜ ਰਾਤ ਨੂੰ ਆਤਿਸ਼ਬਾਜੀ ਵੀ ਕੀਤੀ ਜਾਵੇਗੀ ।ਇਸ ਮੌਕੇ ਤੇ ਪ੍ਰਧਾਨ ਦਲਜੀਤ ਸਿੰਘ, ਅਮਰਦੀਪ ਸਿੰਘ, ਰਛਪਾਲ ਸਿੰਘ, ਸਰਪੰਚ ਪਰਮਜੀਤ ਸਿੰਘ, ਮੈਂਬਰ ਪੰਚਾਇਤ ਮਨਇੰਦਰ ਸਿੰਘ, ਗੁਰਦੇਵ ਸਿੰਘ, ਸੁਖਜਿੰਦਰ ਸਿੰਘ ਸੋਨੂੰ, ਆਦਿ ਸੇਵਾਦਾਰ ਹਾਜਿਰ ਸਨ।

## ਸ੍ਰੀ ਗੁਰੂ ਨਾਨਕ ਦੇਵ ਜੀ ਦੇ 556 ਵੇਂ ਪ੍ਰਕਾਸ ਪੁਰਬ ਮੌਕੇ ਖਾਲਸਾਈ ਜਾਹੋ ਜਲਾਲ ਨਾਲ ਗੁਰਦੁਆਰਾ ਬਾਬਾ ਸੋਹਣ ਸਿੰਘ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ





**ਜੰਡਿਆਲਾ ਗੁਰੂ 5 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗਿ ਚਾਨਣੁ ਹੋਆ !! ਬੀਤੇ ਦਿਨ ਤੋਂ ਵਿਸਵ ਭਰ ਵਿੱਚ ਗੁਰੂ ਨਾਨਕ ਲੇਵਾ ਸਮੂਹ ਸੰਗਤਾਂ ਵੱਲੋਂ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਅੱਜ ਜੰਡਿਆਲਾ ਗੁਰੂ ਤੋਂ ਥੋੜ੍ਹੀ ਦੂਰੀ ਤੇ ਵੱਸੇ ਪਿੰਡ ਤਾਰਾਗੜ੍ਹ ਵਿਖੇ ਸਥਿਤ ਗੁਰਦੁਆਰਾ ਤਪ ਅਸਥਾਨ ਸੰਤ ਬਾਬਾ ਸੋਹਣ ਸਿੰਘ ਜੀ ਵਿਖੇ ਤੋਂ ਫੁੱਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸੁਸੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਫੌਜੀ ਬੈਂਡ ਦੀਆਂ ਧਾਰਮਿਕ ਧੁਨਾਂ ਰਾਹੀਂ ਵਿਸਾਲ ਨਗਰ ਕੀਰਤਨ ਸਜਾਇਆ ਗਿਆ ਨਗਰ ਕੀਰਤਨ ਗੁਰਦੁਆਰਾ ਸੰਤ ਬਾਬਾ ਸੋਹਣ ਸਿੰਘ ਜੀ ਤੋਂ ਆਰੰਭ ਹੋ ਕਿ ਗੁਰਦੁਆਰਾ ਸਿੰਘ ਸਭਾ, ਗੁਰਦੁਆਰਾ ਬਾਬਾ ਜੀਵਨ ਸਿੰਘ ਜੀ, ਗੁਰਦੁਆਰਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਵਿਖੇ ਨਗਰ ਦੀ ਪ੍ਰਕਰਮਾ ਕਰਦਾ ਹੋਇਆ ਅਤੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਦੇਰ ਸ਼ਾਮ ਨੂੰ ਗੁਰਦੁਆਰਾ ਤਪ ਅਸਥਾਨ ਸੰਤ ਬਾਬਾ ਸੋਹਣ ਸਿੰਘ ਵਿਖੇ ਸਮਾਪਤ ਹੋਇਆ ! ਨਗਰ ਕੀਰਤਨ ਵਿੱਚ ਪਿੰਡ ਤਾਰਾਗੜ੍ਹ ਦੀ ਸਮੂਹ ਸਾਧ ਸੰਗਤ ਵੱਲੋਂ ਵੱਖ ਵੱਖ ਪੜਾਵਾਂ ਤੇ ਨਗਰ ਕੀਰਤਨ ਰੋਕ ਕੇ ਗੁਰੂ ਸੰਗਤਾਂ ਨੂੰ ਵੱਖ-ਵੱਖ ਪਦਾਰਥਾਂ ਦੇ ਲੰਗਰ ਪ੍ਰਸਾਦਿ ਵਰਤਾਏ ਗਏ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ! ਨਗਰ ਕੀਰਤਨ ਵਿੱਚ ਨਿਸ਼ਕਾਮ ਪ੍ਰਭਾਤ ਫੇਰੀ ਸੰਗਤ ਪਿੰਡ ਤਾਰਾਗੜ੍ਹ ਵੱਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦਾ ਹਰਜੱਸ ਕੀਰਤਨ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੀ ਵਡਿਆਈ ਗਾਇਨ ਕਰਕੇ ਗੁਰੂ ਨਾਨਕ ਦੇਵ ਸਾਹਿਬ ਜੀ ਦੀਆਂ ਖੁਸੀਆਂ ਪ੍ਰਾਪਤ ਕੀਤੀਆਂ!

## ਹਲਕਾ ਤਰਨਤਾਰਨ ਦੇ ਸਮੂਹ ਵੋਟਰਾਂ ਨੂੰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਪੁਰਜ਼ੋਰ ਅਪੀਲ ✶ ਭਾਈ ਮਨਦੀਪ ਸਿੰਘ ਨੂੰ ਜਿਤਾਓ-ਪੰਜਾਬ ਨੂੰ ਬਚਾਓ



### ਅਕਾਲ ਯੂਨੀਵਰਸਿਟੀ ਵੱਲੋਂ ਗੁਰੂ ਨਾਨਕ ਦੇਵ ਜੀ ਦਾ

# 556ਵਾਂ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ









**ਤਲਵੰਡੀ ਸਾਬੋ, 06 ਨਵੰਬਰ (ਗੁਰਜੰਟ ਸਿੰਘ ਨਥੇਹਾ)-** ਅਕਾਲ ਯੂਨੀਵਰਸਿਟੀ ਵੱਲੋਂ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਦੇ ਪਵਿੱਤਰ ਮੌਕੇ ਨੂੰ ਆਤਮਕ, ਧਾਰਮਿਕ ਅਤੇ ਸੱਭਿਆਚਾਰਕ ਰੂਪ ਵਿੱਚ ਬੜੀ ਸ਼ਰਧਾ, ਨਿਮਰਤਾ ਤੇ ਚੜ੍ਹਦੀ ਕਲਾ ਦੇ ਜਜ਼ਬੇ ਨਾਲ ਮਨਾਇਆ ਗਿਆ। ਇਹ ਵਿਸ਼ੇਸ਼ ਸਮਾਗਮ ਗੁਰੂ ਨਾਨਕ ਦੇਵ ਜੀ ਦੇ ਅਮਰ ਉਪਦੇਸ਼ਾਂ ਨਾਮ ਜਪਣਾ, ਕਿਰਤ ਕਰਨੀ ਤੇ ਵੰਡ ਛਕਣਾ ਨੂੰ ਜੀਵੰਤ ਰੂਪ ਦੇਣ ਦਾ ਇੱਕ ਖ਼ਾਸ ਉੱਦਮ ਸੀ। ਸਮਾਗਮ ਦਾ ਮੁੱਖ ਕੇਂਦਰ ਯੂਨੀਵਰਸਿਟੀ ਦਰਬਾਰ ਸਾਹਿਬ ਵਿਖੇ ਪਵਿੱਤਰ ਅਖੰਡ ਪਾਠ ਸਾਹਿਬ ਰਿਹਾ, ਜਿਸ ਦੀ ਸ਼ੁਰੂਆਤ ਪੂਰੀ ਮਰਯਾਦਾ ਤੇ ਸ਼ਰਧਾ ਨਾਲ ਕੀਤੀ ਗਈ। ਤਿੰਨ ਦਿਨ ਤੱਕ ਚਲਿਆ ਇਹ ਪਾਠ ਪੂਰਨ ਸਿੱਖ ਰੀਤ ਅਨੁਸਾਰ ਸੰਗਤਾਂ ਦੀ ਹਾਜ਼ਰੀ ਵਿੱਚ ਹੋਇਆ। ਇਸ ਦੌਰਾਨ ਪੂਰੇ ਕੈਂਪਸ ਵਿੱਚ ਗੁਰਬਾਣੀ ਦੀ ਮਿੱਠੀ ਧੁਨੀ ਗੂੰਜਦੀ ਰਹੀ, ਜਿਸ ਨਾਲ ਆਤਮਕ ਸ਼ਾਂਤੀ ਤੇ ਚੇਤਨਾ ਦਾ ਸੁੰਦਰ ਮਾਹੌਲ ਬਣਿਆ। ਸਮਾਗਮ ਦੌਰਾਨ ਵਿਦਿਆਰਥੀਆਂ ਤੇ ਅਧਿਆਪਕਾਂ ਦੁਆਰਾ ਵੀ ਧਾਰਮਿਕ ਕਵਿਤਾ, ਕਥਾ, ਸ਼ਬਦ ਕੀਰਤਨ ਤੇ ਕਵੀਸ਼ਰੀ ਰਾਹੀਂ ਗੁਰੂ ਨਾਨਕ ਦੇਵ ਜੀ ਦੀ ਅਲੌਕਿਕ ਸ਼ਖ਼ਸੀਅਤ ਦਾ ਜਿੱਥੇ ਗੁਣਗਾਨ ਕੀਤਾ ਗਿਆ, ਉੱਥੇ ਗੁਰਮਤਿ ਵਿਚਾਰਧਾਰਾ ਦੀ ਅੱਜ ਦੇ ਸਮੇਂ ਵਿਚ ਸਥਿਤੀ ਅਤੇ ਲੋੜ ਬਾਰੇ ਸੰਵਾਦ ਵੀ ਰਚਾਇਆ ਗਿਆ। ਮੰਚ ਸੰਚਾਲਕ ਦੀ ਭੂਮਿਕਾ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਵਿਭਾਗ ਦੇ ਮੁਖੀ ਸੁਖਦੀਪ ਸਿੰਘ ਨੇ ਨਿਭਾਈ। ਕੀਰਤਨ ਰਾਹੀਂ ਸੰਗਤ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ, ਉਪਦੇਸ਼ਾਂ, ਸੱਚਾਈ, ਨਿਮਰਤਾ, ਸੇਵਾ ਤੇ ਸਮਾਨਤਾ ਬਾਰੇ ਚਿੰਤਨ ਕਰਨ ਦਾ ਮੌਕਾ ਮਿਲਿਆ। ਇਸ ਸਮਾਗਮ ਤੋਂ ਪਹਿਲਾਂ ਦੇ ਦਿਨਾਂ ਵਿੱਚ ਯੂਨੀਵਰਸਿਟੀ ਕੈਂਪਸ ਵਿੱਚ ਕਈ ਧਾਰਮਿਕ ਤੇ ਸੱਭਿਆਚਾਰਕ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਵਿਦਿਆਰਥੀਆਂ ਵੱਲੋਂ ਪ੍ਰਭਾਤ ਫੇਰੀਆਂ ਕੱਢੀਆਂ ਗਈਆਂ, ਜਿਨ੍ਹਾਂ ਰਾਹੀਂ ਕੈਂਪਸ ਅਤੇ ਨਜ਼ਦੀਕੀ ਇਲਾਕਿਆਂ ਵਿੱਚ ਗੁਰਬਾਣੀ ਦਾ ਪਵਿੱਤਰ ਸੁਨੇਹਾ ਗੂੰਜਿਆ। ਇਸ ਤੋਂ ਇਲਾਵਾ ਭਾਸ਼ਣ ਮੁਕਾਬਲੇ, ਗੁਰਬਾਣੀ ਸ਼ਬਦ ਗਾਇਨ, ਗਤਕਾ ਪ੍ਰਦਰਸ਼ਨ ਅਤੇ ਦਸਤਾਰ ਸਜਾਓ ਮੁਕਾਬਲੇ ਵੀ ਆਯੋਜਿਤ ਹੋਏ। ਇਨ੍ਹਾਂ ਸਭ ਪ੍ਰੋਗਰਾਮਾਂ ਰਾਹੀਂ ਵਿਦਿਆਰਥੀਆਂ ਨੇ ਸਿੱਖ ਧਰਮ ਦੇ ਆਦਰਸ਼ਾਂ ਤੇ ਸੱਭਿਆਚਾਰਕ ਵਿਰਾਸਤ ਪ੍ਰਤੀ ਆਪਣੀ ਅਟੱਲ ਸ਼ਰਧਾ ਪ੍ਰਗਟਾਈ। ਮੁੱਖ ਸਮਾਗਮ ਦੌਰਾਨ ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਨੇ ਮੰਚ ਤੋਂ ਆਪਣੇ ਵਿਚਾਰ ਸਾਂਝੇ ਕੀਤੇ। ਅਕਾਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਮੰਚ ਤੋਂ ਬੋਲਦਿਆਂ ਇਸ ਪਵਿੱਤਰ ਸਮਾਗਮ ਨੂੰ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਯਾਦ ਕਰਨ ਤੇ ਜੀਵਨ ਵਿਚ ਧਾਰਨ ਕਰਨ ਦਾ ਮਹੱਤਵਪੂਰਨ ਮੌਕਾ ਕਿਹਾ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀ ਜੇ ਗੁਰੂ ਸਾਹਿਬ ਦੇ ਸੁਨੇਹੇ ਅਨੁਸਾਰ ਜੀਵਨ ਜੀਣ ਦੀ ਕੋਸ਼ਿਸ਼ ਕਰਨ, ਤਾਂ ਉਹ ਸਿਰਫ਼ ਸਫਲ ਵਿਦਿਆਰਥੀ ਹੀ ਨਹੀਂ, ਸਗੋਂ ਚੰਗੇ ਮਨੁੱਖ ਵੀ ਬਣ ਸਕਦੇ ਹਨ। ਇਸ ਮੌਕੇ ਵਿਭਿੰਨ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅੰਤ ’ਤੇ ਲੰਗਰ ਸੇਵਾ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਸਾਰੇ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੇ ਸਾਂਝੀ ਭਾਗੀਦਾਰੀ ਨਿਭਾਈ। ਲੰਗਰ ਰਾਹੀਂ ਸੇਵਾ, ਸਮਾਨਤਾ ਅਤੇ ਸਾਂਝ ਦੀ ਪਰੰਪਰਾ ਨੂੰ ਜੀਵੰਤ ਕੀਤਾ ਗਿਆ। ਇਸ ਧਾਰਮਿਕ ਉਦਮ ਦਾ ਸਾਰੇ ਵਿਭਾਗਾਂ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਦੂਰੋਂ ਨੇੜਿਓਂ ਵੱਡੀ ਸੰਖਿਆ ਵਿਚ ਪਹੁੰਚੀ ਸੰਗਤ ਨੇ ਬੜੇ ਉਤਸ਼ਾਹ ਅਤੇ ਸ਼ਰਧਾ ਭਾਵਨਾ ਨਾਲ ਆਨੰਦ ਮਾਣਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਹਿੰਦੂ ਸ਼ਰਧਾਲੂਆਂ ਨੂੰ ਰੋਕਣਾ ਸਿੱਖ ਧਰਮ ਦੇ ਅਸੂਲਾਂ ਤੇ ਸਾਂਝੀਵਾਲਤਾ ਦਾ ਅਪਮਾਨ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ, ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ 556ਵੇਂ ਪ੍ਰਕਾਸ਼ ਪੁਰਬ ਦੇ ਮੌਕੇ ’ਤੇ ਪਾਕਿਸਤਾਨ ਜਾਣ ਵਾਲੇ ਸਿੱਖ ਜਥੇ ਨਾਲ ਹਿੰਦੂ ਸ਼ਰਧਾਲੂਆਂ ਨੂੰ ਵਾਘਾ ਸਰਹੱਦ ’ਤੇ ਰੋਕਣ ਦੀ ਘਟਨਾ ਨੂੰ ਨਿੰਦਣਯੋਗ, ਦੁਖਦਾਈ ਅਤੇ ਧਾਰਮਿਕ ਅਸੂਲਾਂ ਦੇ ਖ਼ਿਲਾਫ਼ ਅਤੇ ਧਾਰਮਿਕ ਵਿਤਕਰੇ ਦੀ ਮਿਸਾਲ ਕਰਾਰ ਦਿੱਤਾ ਅਤੇ ਇਸ ਨੂੰ ਸਿੱਖ-ਹਿੰਦੂ ਏਕਤਾ ’ਤੇ ਸਿੱਧਾ ਵਾਰ ਕਹਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵੱਲੋਂ ਸਿੱਖ ਜਥੇ ਦੇ ਨਾਲ ਜਾਣ ਵਾਲੇ ਹਿੰਦੂ ਭਗਤਾਂ ਨੂੰ ਸਰਹੱਦ ਪਾਰ ਕਰਨ ਤੋਂ ਰੋਕਣਾ ਧਾਰਮਿਕ ਆਜ਼ਾਦੀ ਤੇ ਮਨੁੱਖੀ ਅਧਿਕਾਰਾਂ ਦਾ ਸਪਸ਼ਟ ਉਲੰਘਣ ਹੈ। ਜਿਨ੍ਹਾਂ ਹਿੰਦੂ ਸ਼ਰਧਾਲੂਆਂ ਦੇ ਪਾਸਪੋਰਟਾਂ ’ਤੇ ‘Hindu’ ਦਰਜ ਸੀ ਅਤੇ ਜਿਨ੍ਹਾਂ ਨੂੰ ਬਕਾਇਦਾ ਵੀਜ਼ਾ ਜਾਰੀ ਹੋ ਚੁੱਕਾ ਸੀ, ਉਨ੍ਹਾਂ ਨੂੰ ਆਖ਼ਰੀ ਪਲ ’ਤੇ ਵਾਘਾ ’ਤੇ ਰੋਕਣਾ ਧਾਰਮਿਕ ਵਿਤਕਰੇ ਅਤੇ ਨਫ਼ਰਤ ਦੀ ਘਟੀਆ ਉਦਾਹਰਨ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਘਟਨਾ ਸਿਰਫ ਕੁਝ ਹਿੰਦੂ ਭਗਤਾਂ ਦੀ ਬੇਇੱਜ਼ਤੀ ਨਹੀਂ, ਸਗੋਂ ਸਿੱਖ ਤੇ ਹਿੰਦੂ ਕੌਮਾਂ ਵਿਚਕਾਰ ਮੌਜੂਦ ਆਧਿਆਤਮਿਕ ਸਾਂਝ ਅਤੇ ਸਦੀਆਂ ਪੁਰਾਣੀ ਭਰਾਤਰੀਕ ਏਕਤਾ ’ਤੇ ਸਿੱਧਾ ਵਾਰ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਯਾਤਰਾ ਲਈ ਜਾਣ ਵਾਲੇ ਹਿੰਦੂ ਸ਼ਰਧਾਲੂਆਂ ਦਾ ਉਦੇਸ਼ ਸਿਰਫ ਭਗਤੀ ਅਤੇ ਸ਼ਰਧਾ ਦਾ ਪ੍ਰਗਟਾਵਾ ਸੀ, ਪਰ ਪਾਕਿਸਤਾਨ ਨੇ ਇਸ ਨੂੰ ਰੋਕ ਕੇ ਧਰਮਕ ਨਫ਼ਰਤ ਅਤੇ ਰਾਜਨੀਤਿਕ ਵਿਭਾਜਨ ਦੀ ਸੋਚ ਦਾ ਪ੍ਰਦਰਸ਼ਨ ਕੀਤਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਕਦਮ “ਆਪਰੇਸ਼ਨ ਸਿੰਦੂਰ” ਤੋਂ ਬਾਅਦ ਪਾਕਿਸਤਾਨ ਵੱਲੋਂ ਚਲਾਈ ਜਾ ਰਹੀ ਹਿੰਦੂ-ਸਿੱਖ ਏਕਤਾ ਖ਼ਿਲਾਫ਼ ਨਵੀਂ ਸਾਜ਼ਿਸ਼ ਦਾ ਹਿੱਸਾ ਦਿਖਾਈ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਕਿਸੇ ਇਕ ਕੌਮ ਜਾਂ ਧਰਮ ਦੇ ਨਹੀਂ, ਸਗੋਂ ਪੂਰੀ ਮਨੁੱਖਤਾ ਦੇ ਗੁਰੂ ਹਨ। ਉਨ੍ਹਾਂ ਦੀ ਬਾਣੀ ਦਾ ਆਦਰਸ਼ “ਮਨਸ ਕੀ ਜਾਤ ਸਭੈ ਏਕੈ ਪਹਿਚਾਨਬੋ” ਇਹ ਸਪਸ਼ਟ ਕਰਦਾ ਹੈ ਕਿ ਕਿਸੇ ਵੀ ਕਿਸਮ ਦਾ ਧਾਰਮਿਕ ਵਿਤਕਰਾ ਗੁਰਮਤ, ਇਨਸਾਨੀਅਤ ਤੇ ਨਾਨਕੀ ਮਰਿਆਦਾ ਦਾ ਅਪਮਾਨ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਹਿੰਦੂ ਸ਼ਰਧਾਲੂ ਵੀ ਗੁਰੂ ਨਾਨਕ ਸਾਹਿਬ ਪ੍ਰਤੀ ਉਹੀ ਸ਼ਰਧਾ ਤੇ ਸਤਿਕਾਰ ਰੱਖਦੇ ਹਨ, ਜੋ ਸਿੱਖ ਭਾਈਚਾਰਾ ਰੱਖਦਾ ਹੈ। ਪਾਕਿਸਤਾਨ ਦੀਆਂ ਇਹਨਾਂ ਸਾਜ਼ਿਸ਼ਾਂ ਨਾਲ ਸਿੱਖ-ਹਿੰਦੂ ਭਰਾਤਰੀਕ ਸਾਂਝ ਨੂੰ ਕਦੇ ਤੋੜਿਆ ਨਹੀਂ ਜਾ ਸਕੇਗਾ। ਉਨ੍ਹਾਂ ਨੇ ਕੇਂਦਰ ਸਰਕਾਰ ਅਤੇ ਵਿਦੇਸ਼ ਮੰਤਰਾਲੇ ਨੂੰ ਅਪੀਲ ਕੀਤੀ ਹੈ ਕਿ ਇਸ ਧਾਰਮਿਕ ਅਸਹਿਣਸ਼ੀਲਤਾ ਦੇ ਮਾਮਲੇ ਦਾ ਗੰਭੀਰ ਨੋਟ ਲੈ ਕੇ ਪਾਕਿਸਤਾਨ ’ਤੇ ਕੂਟਨੀਤਿਕ ਪੱਧਰ ’ਤੇ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਅਜਿਹੇ ਵਿਤਕਰੇ ਕਰਤਾਰਪੁਰ ਲਾਂਘੇ ਜਾਂ ਹੋਰ ਸਿੱਖ ਤੀਰਥ ਯਾਤਰਾਵਾਂ ਦੌਰਾਨ ਦੁਹਰਾਏ ਗਏ, ਤਾਂ ਇਹ ਪਾਕਿਸਤਾਨ ਦੀ ਧਾਰਮਿਕ ਤੰਗਦਿਲੀ ਅਤੇ ਘ੍ਰਿਣਾ-ਪ੍ਰੇਰਿਤ ਨੀਤੀ ਦਾ ਸਪਸ਼ਟ ਪ੍ਰਮਾਣ ਹੋਵੇਗਾ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਦੇ ਪਵਿੱਤਰ ਪ੍ਰਕਾਸ਼ ਪੁਰਬ ਮੌਕੇ ਹਿੰਦੂ ਸ਼ਰਧਾਲੂਆਂ ਨੂੰ ਰੋਕਣਾ ਸਿਰਫ ਹਿੰਦੂਆਂ ਨਾਲ ਵਿਤਕਰਾ ਨਹੀਂ, ਸਗੋਂ ਸਿੱਖ ਧਰਮ ਦੇ ਅਸੂਲਾਂ, ਗੁਰੂ ਨਾਨਕੀ ਮਰਿਆਦਾ ਅਤੇ ਮਨੁੱਖੀ ਏਕਤਾ ਦੀ ਆਤਮਾ ਦਾ ਵੀ ਅਪਮਾਨ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਨੂੰ ਭੰਗ ਕਰਨਾ, ਪੰਜਾਬ ਨਾਲ ਸ਼ਰੇਆਮ ਧੱਕੇਸ਼ਾਹੀ- ਪੰਮਾ ਬਾਠ



ਧੂਰੀ ( ਰਣਜੀਤ ਸਿੰਘ ਪੇਧਨੀ )-ਪਿਛਲੇ ਦਿਨੀ ਕੇਂਦਰ ਦੀ ਮੋਦੀ ਸਰਕਾਰ ਨੇ ਇੱਕ ਵਾਰ ਫਿਰ ਪੰਜਾਬ ਮਾਰੂ ਫੈਸਲਾ ਕਰਦੇ ਹੋਏ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰ ਦਿੱਤਾ ਹੈ ਅਤੇ ਇਸ ’ਤੇ ਸਿੱਧੇ ਤੌਰ ਤੇ ਆਪਣਾ ਅਧਿਕਾਰ ਜਮਾ ਲਿਆ ਹੈ ਜੋ ਕਿ ਸਰਾਸਰ ਪੰਜਾਬ ਨਾਲ ਧੱਕੇਸ਼ਾਹੀ ਹੈ ਅਤੇ ਇਹ ਮਾਰੂ ਫੈਸਲੇ ਨਾਲ ਇੱਕ ਵਾਰ ਫਿਰ ਸਾਬਤ ਹੋ ਗਿਆ ਕਿ ਕੇਂਦਰ ਸਰਕਾਰ ਪੰਜਾਬ ਨੂੰ ਖਤਮ ਕਰਨ ਵਾਸਤੇ ਹਰ ਹੀਲਾ ਆਪਣਾ ਰਹੀ ਹੈ। ਇਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਉਘੇ ਸਮਾਜ ਸੇਵੀ, ਸ੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾ ਕਿਹਾ ਕਿ ਕੇਂਦਰ ਵਿੱਚ ਕਿਸੇ ਵੀ ਪਾਰਟੀ ਦੀ ਸਰਕਾਰ ਹੋਵੇ ਪਰ ਉਨ੍ਹਾ ਦੀਆਂ ਨੀਤੀਆਂ ਹਮੇਸ਼ਾ ਪੰਜਾਬ ਮਾਰੂ ਹੀ ਰਹੀਆਂ ਹਨ। ਪੰਜਾਬ ਨੂੰ ਕਦੇ ਦੇਸ਼ ਦੀ ਵੰਡ, ਕਦੇ ਭਾਸ਼ਾ ਦੇ ਅਧਾਰ ’ਤੇ ਵੰਡਿਆ ਗਿਆ, ਫਿਰ ਇਸ ਦੇ ਅਦਾਰਿਆ ਤੇ ਅਸਿੱਧੇ, ਸਿੱਧੇ ਤੌਰ ਤੇ ਅਧਿਕਾਰ ਜਮਾਏ ਗਏ। ਪੰਜਾਬ ਦੇ ਸੈਂਕੜੇ ਪਿੰਡ ਉਜਾੜ ਕੇ ਬਣਾਇਆ ਗਿਆ। ਚੰਡੀਗੜ੍ਹ ਹੌਲੀ ਹੌਲੀ ਪੰਜਾਬ ਤੋਂ ਖੋਹਿਆ ਗਿਆ, ਭਾਖੜਾ ਡੈਮ ਪੰਜਾਬ ਤੋਂ ਖੋਹਿਆ ਗਿਆ, ਹੁਣ ਸਿੱਧੇ ਤੌਰ ਤੇ ਪੰਜਾਬ ਯੂਨੀਵਰਸਿਟੀ ਵੀ ਖੋਹ ਲਈ ਗਈ ਹੈ ਜੋ ਕਿ ਸ਼ਰੇਆਮ ਧੱਕੇਸ਼ਾਹੀ ਅਤੇ ਬਰਦਾਸ਼ਿਤ ਤੋਂ ਬਾਹਰ ਦੀ ਗੱਲ ਹੈ। ਕੇਂਦਰ ਦੀ ਭਾਜਪਾ ਸਰਕਾਰ ਦਾ ਇਹ ਕਦਮ, ਭਾਜਪਾ ਦਾ ਪੰਜਾਬ ਮਾਰੂ ਚਿਹਰਾ ਨੰਗਾ ਕਰਦਾ ਹੈ, ਜਿਸ ਦਾ ਸਾਨੂੰ ਸਾਰਿਆ ਨੂੰ ਰਲ ਕੇ ਵਿਰੋਧ ਕਰਨਾ ਚਾਹੀਦਾ ਹੈ। ਪੰਮਾ ਬਾਠ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜੇਕਰ ਉਹ ਪੰਜਾਬ ਹਿਤੈਸੀ ਹੈ ਤਾ ਤੁਰੰਤ ਵਿਧਾਨ ਸਭਾ ਦਾ ਸਪੈਸ਼ਲ ਇਜਲਾਸ ਬੁਲਾ ਕੇ ਨਿੰਦਾ ਮਤਾ ਪਾਸ ਕੀਤਾ ਜਾਵੇ ਅਤੇ ਭਾਜਪਾ ਦਾ ਖੁਲ ਕੇ ਵਿਰੋਧ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵੱਲੋਂ ਲੋੜਵੰਦਾਂ ਨੂੰ ਗਰਮ ਕੱਪੜੇ ਅਤੇ ਬੂਟ ਵੰਡ ਕੇ ਮਨਾਇਆ ਗੁਰਪੁਰਬ

# ਸਾਨੂੰ ਸਮੇਂ ਸਮੇਂ ਤੇ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ-ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ









**ਬਰਨਾਲਾ -(ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਰੇਖਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਸਮੂਹ ਸਟਾਫ਼ ਅਤੇ ਬੱਚਿਆਂ ਵੱਲੋਂ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਰ ਸਾਲ ਦੀ ਤਰਾਂ ਇਸ ਵਾਰ ਵੀ ਲੋੜਵੰਦ ਮਜ਼ਦੂਰ ਪਰਿਵਾਰਾਂ ਦੇ ਬੱਚਿਆਂ ਅਤੇ ਹੋਰ ਲੋੜਵੰਦਾਂ ਨੂੰ, ਸਰਦੀ ਨੂੰ ਮੱਦੇਨਜ਼ਰ ਰੱਖਦਿਆਂ ਵੱਖ ਵੱਖ ਥਾਵਾਂ ਤੇ ਗਰਮ ਕੱਪੜਿਆਂ ਅਤੇ ਬੂਟਾਂ ਦੀ ਵੰਡ ਕੀਤੀ ਗਈ। ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਦੱਸਿਆ ਕਿ ਸਾਨੂੰ ਇਸ ਨਿਵੇਕਲੇ ਢੰਗ ਨਾਲ ਤਿਉਹਾਰ ਮਨਾਉਣੇ ਚਾਹੀਦੇ ਹਨ। ਜਿਸ ਨਾਲ ਲੋੜਵੰਦ ਪਰਿਵਾਰਾਂ ਦੀ ਮਦਦ ਹੋ ਸਕੇ ਤੇ ਲੋੜਵੰਦਾਂ ਨੂੰ ਮੌਸਮ ਅਨੁਸਾਰ ਆ ਰਹੀ ਠੰਡ ਦੇ ਪ੍ਰਕੋਪ ਤੋਂ ਬਚਾਇਆ ਜਾ ਸਕੇ। ਅਜਿਹੇ ਉਪਰਾਲੇ ਸਾਨੂੰ ਸਾਰਿਆਂ ਨੂੰ ਆਪੋ ਆਪਣੇ ਵਿੱਤ ਅਨੁਸਾਰ ਕਰਦੇ ਰਹਿਣਾ ਚਾਹੀਦਾ ਹੈ ਤੇ ਖੁਸ਼ੀਆਂ ਵਾਲੇ ਹਰ ਤਿਉਹਾਰਾਂ ਦੇ ਨਾਲ ਨਾਲ ਸਮੇਂ ਸਮੇਂ ਤੇ ਲੋੜਵੰਦਾਂ ਨਾਲ ਮਦਦ ਲਈ ਖੜ੍ਹਨਾ ਚਾਹੀਦਾ ਹੈ।ਇਸ ਮੌਕੇ ਸਕੂਲ ਸਟਾਫ਼ ਵਿੱਚੋਂ ਮੈਡਮਾਂ ਨੇ ਕਿਹਾ ਕਿ ਸਾਨੂੰ ਲੋੜਵੰਦ ਲੋਕਾਂ ਦੀ ਮਦਦ ਹਮੇਸ਼ਾ ਹੀ ਕਿਸੇ ਨਾ ਕਿਸੇ ਰੂਪ ਵਿਚ ਕਰਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਗੁਰਪ੍ਰੀਤ ਕੌਰ, ਰਮਨਜੀਤ ਕੌਰ, ਅਮਨਦੀਪ ਕੌਰ, ਸੁਖਮੀਤ ਕੌਰ, ਹਰਪ੍ਰੀਤ ਕੋਰ ਪਵਨਜੀਤ ਕੌਰ, ਪ੍ਰਦੀਪ ਕੌਰ, ਮਨਦੀਪ ਕੌਰ, ਅਮਨਜੋਤ ਕੌਰ, ਲਛਮਣੀ, ਸੁਖਪ੍ਰੀਤ ਕੋਰ ਲਵਪ੍ਰੀਤ ਕੋਰ ਅਮਨਦੀਪ ਕੋਰ ਕਮਲਜੀਤ ਕੌਰ, ਨਵਜੋਤ ਕੌਰ, , ਹਾਜ਼ਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪਹਿਲੇ ਪਾਤਸ਼ਾਹ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਮੌਕੇ ਅਤੇ ਅਮਨ ਅਰੋੜਾ ਦੇ ਯਤਨਾਂ ਸਦਕਾ ਭਾਈ ਰਣਜੀਤ ਸਿੰਘ ਢੱਡਰੀਆਂ ਨੇ

# ਪਿੰਡ ਢੱਡਰੀਆਂ ਵਿੱਚ ਰੱਖਿਆ ਸਰਕਾਰੀ ਆਈ ਟੀ ਆਈ ਦਾ ਨੀਂਹ ਪੱਥਰ




**ਲੌਂਗੋਵਾਲ ( ਰਣਜੀਤ ਸਿੰਘ ਪੇਧਨੀ )** - ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਵਿਸ਼ੇਸ਼ ਉਪਰਾਲਾ ਕਰਕੇ ਪਿੰਡ ਢੱਡਰੀਆਂ ਵਿੱਚ ਸਰਕਾਰੀ ਆਈ ਟੀ ਆਈ ਮਨਜ਼ੂਰ ਕਾਰਵਾਈ ਹੈ। ਇਸ ਸੰਸਥਾ ਦੀ ਇਮਾਰਤ ਦੀ ਉਸਾਰੀ ਦਾ ਨੀਂਹ ਪੱਥਰ ਅੱਜ ਪ੍ਰਸਿੱਧ ਧਾਰਮਿਕ ਸਖਸ਼ੀਅਤ ਭਾਈ ਰਣਜੀਤ ਸਿੰਘ ਢੱਡਰੀਆਂ ਨੇ ਰੱਖਿਆ। ਇਸ ਮੌਕੇ ਸ਼੍ਰੀ ਅਮਨ ਅਰੋੜਾ ਉਚੇਚੇ ਤੌਰ ਉੱਤੇ ਹਾਜ਼ਰ ਸਨ।

ਇਲਾਕੇ ਦੀ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਭਾਈ ਰਣਜੀਤ ਸਿੰਘ ਢੱਡਰੀਆਂ ਨੇ ਕਿਹਾ ਕਿ ਪਿਛਲੇ 75 ਸਾਲਾਂ ਤੋਂ ਤਰੱਕੀ ਪੱਖੋਂ ਪਛੜਿਆ ਰਿਹਾ ਇਹ ਇਲਾਕਾ ਅੱਜ ਵਿਕਾਸ ਦੀ ਨਵੀਂ ਅੰਗੜਾਈ ਲੈ ਰਿਹਾ ਹੈ। ਜੋ ਕਿ ਇਲਾਕੇ ਲਈ ਸ਼ੁਭ ਸੰਕੇਤ ਹੈ। ਉਹਨਾਂ ਇਸ ਸੰਸਥਾ ਦੀ ਮਨਜ਼ੂਰੀ ਲਈ ਸ਼੍ਰੀ ਅਮਨ ਅਰੋੜਾ ਦਾ ਧੰਨਵਾਦ ਕੀਤਾ ਅਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਮੁਕੰਮਲ ਕਰਾਉਣ ਲਈ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ। ਉਹਨਾਂ ਕਿਹਾ ਕਿ ਸੰਪੂਰਨ ਮਨੁੱਖ ਦੀ ਕਲਪਨਾ ਲਈ ਪਰਮਾਤਮਾ ਦਾ ਨਾਮ ਅਤੇ ਵਿਦਿਆ ਪ੍ਰਾਪਤ ਕਰਨਾ ਬਹੁਤ ਜ਼ਰੂਰੀ ਹੁੰਦਾ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪਹਿਲੇ ਪਾਤਸ਼ਾਹ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਮੌਕੇ ਪੰਜਾਬ ਸਰਕਾਰ ਨੇ ਹਲਕਾ ਸੁਨਾਮ ਊਧਮ ਸਿੰਘ ਵਾਲਾ ਨੂੰ ਬਹੁਤ ਵੱਡਾ ਤੋਹਫ਼ਾ ਦਿੱਤਾ ਹੈ। ਉਹਨਾਂ ਕਿਹਾ ਕਿ 13.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਇਸ ਸੰਸਥਾ ਨੂੰ ਇੱਕ ਸਾਲ ਵਿੱਚ ਚਾਲੂ ਕਰਨ ਦਾ ਟੀਚਾ ਹੈ। ਜਦੋਂ ਇਹ ਸੰਸਥਾ ਚਾਲੂ ਹੋ ਗਈ ਤਾਂ ਇਸ ਨਾਲ ਇਲਾਕੇ ਦੇ ਵਿਕਾਸ ਅਤੇ ਨੌਜਵਾਨਾਂ ਲਈ ਤਰੱਕੀ ਦੇ ਨਵੇਂ ਰਾਹ ਖੁੱਲ੍ਹਣਗੇ। ਜਿਸ ਨਾਲ ਉਹ ਹੁਨਰਮੰਦ, ਰੁਜਗਾਰ ਯੋਗ ਅਤੇ ਸਵੈ-ਨਿਰਭਰ ਬਣਨ ਦੇ ਯੋਗ ਹੋਣਗੇ ਅਤੇ ਇੱਕ ਖੁਸ਼ਹਾਲ ਅਤੇ ਪ੍ਰਗਤੀਸ਼ੀਲ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਯੋਗਦਾਨ ਪਾਉਣਗੇ। ਉਹਨਾਂ ਕਿਹਾ ਕਿ ਇਹ ਆਈ.ਟੀ.ਆਈ. ਆਧੁਨਿਕ, ਉੱਭਰ ਰਹੀਆਂ ਤਕਨਾਲੋਜੀਆਂ ਅਤੇ ਭਵਿੱਖ ਲਈ ਹੋਰ ਤਿਆਰ ਕਿੱਤਿਆਂ ਵਿੱਚ ਸਿਖਲਾਈ ਪ੍ਰਦਾਨ ਕਰੇਗੀ ਜਿਨ੍ਹਾਂ ਦੀ ਨੌਕਰੀ ਦੀ ਬਾਜ਼ਾਰ ਵਿੱਚ ਬਹੁਤ ਮੰਗ ਹੈ। ਇਹ ਸੰਸਥਾ ਰਾਜ ਭਰ ਦੇ ਆਈ.ਟੀ.ਆਈ. ਵਿੱਚ ਸ਼ੁਰੂ ਕੀਤੇ ਜਾਣ ਵਾਲੇ ਪ੍ਰਸਤਾਵਿਤ ਵੱਖ-ਵੱਖ ਨਵੇਂ ਯੁੱਗ ਦੇ ਕੋਰਸਾਂ ਵਿੱਚ ਲਗਭਗ 300 ਨੌਜਵਾਨਾਂ ਨੂੰ ਸਿਖਲਾਈ ਸਹੂਲਤਾਂ ਪ੍ਰਦਾਨ ਕਰੇਗੀ। ਇਸ ਆਈ.ਟੀ.ਆਈ. ਦੀ ਸਥਾਪਨਾ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗ ਨਾਲ ਸਬੰਧਤ ਹੁਨਰ, ਸਵੈ-ਰੁਜਗਾਰ ਅਤੇ ਉੱਗਮਤਾ ਪ੍ਰਦਾਨ ਕਰਕੇ ਸਸ਼ਕਤ ਬਣਾਵੇਗੀ।

**ਸੰਪੂਰਨ ਮਨੁੱਖ ਦੀ ਕਲਪਨਾ ਲਈ ਪਰਮਾਤਮਾ ਦਾ ਨਾਮ ਅਤੇ ਵਿਦਿਆ ਲੈਣਾ ਬਹੁਤ ਜ਼ਰੂਰੀ - ਭਾਈ ਰਣਜੀਤ ਸਿੰਘ ਢੱਡਰੀਆਂ**

ਉਹਨਾਂ ਕਿਹਾ ਕਿ ਉਸਾਰੀ ਦੇ ਮੁਕੰਮਲ ਹੋਣ ਤੋਂ ਬਾਅਦ, ਇਸ ਸੰਸਥਾ ਵਿੱਚ ਆਧੁਨਿਕ ਅਤੇ ਸਮੇਂ ਦੀ ਮੰਗ ਅਨੁਸਾਰ ਕੋਰਸ ਸ਼ੁਰੂ ਹੋਣਗੇ। ਇਹਨਾ ਕੋਰਸਾਂ ਵਿੱਚ ਐਡੀਟਿਵ ਮੈਨੂਫੈਕਚਰਿੰਗ ਟੈਕਨੀਸ਼ੀਅਨ (34 ਪ੍ਰਿੰਡਿਗ) - 1 ਸਾਲ ਕੋਰਸ, ਸੀਐਨਸੀ ਮਸ਼ੀਨਿੰਗ ਟੈਕਨੀਸ਼ੀਅਨ- 2 ਸਾਲ ਕੋਰਸ, ਇੰਡਸਟਰੀਅਲ ਰੋਬੋਟਿਕਸ ਅਤੇ ਡਿਜੀਟਲ ਮੈਨੂਫੈਕਚਰਿੰਗ ਟੈਕਨੀਸ਼ੀਅਨ- 1 ਸਾਲ ਕੋਰਸ, ਮਕੈਨਿਕ ਇਲੈਕਟ੍ਰਿਕ ਵਹੀਕਲ-1 ਸਾਲ ਕੋਰਸ, ਸੋਲਰ ਟੈਕਨੀਸ਼ੀਅਨ (ਇਲੈਕਟ੍ਰੀਕਲ)- 1 ਸਾਲ ਕੋਰਸ, ਟੈਕਸਟਾਈਲ ਮੈਕਟ੍ਰੋਨਿਕਸ (ਪੰਜਾਬ ਵਿੱਚ ਪਹਿਲੀ ਵਾਰ) -2 ਸਾਲ ਕੋਰਸ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਪ੍ਰੋਗਰਾਮਿੰਗ ਅਸਿਸਟੈਂਟ (ਪੰਜਾਬ ਵਿੱਚ ਪਹਿਲੀ ਵਾਰ) - 1 ਸਾਲ ਕੋਰਸ ਦੇ ਕੋਰਸ ਸ਼ਾਮਿਲ ਹੋਣਗੇ। ਇਹ ਸੰਸਥਾ ਆਲੇ ਦੁਆਲੇ ਦੇ ਪੇਂਡੂ ਖੇਤਰਾਂ, ਖਾਸ ਕਰਕੇ 15 ਪਿੰਡਾਂ ਲਈ ਇਕ ਹੁਨਰ ਵਿਕਾਸ ਕੇਂਦਰ ਵਜੋਂ ਕੰਮ ਕਰੇਗੀ ਅਤੇ ਸਥਾਨਕ ਰੁਜਗਾਰ ਪੈਦਾ ਕਰਨ ਅਤੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗੀ। ਇਸ ਮੌਕੇ ਭਾਈ ਰਣਜੀਤ ਸਿੰਘ ਢੱਡਰੀਆਂ ਅਤੇ ਸ਼੍ਰੀ ਅਮਨ ਅਰੋੜਾ ਦਾ ਇਲਾਕੇ ਦੀਆਂ ਪੰਚਾਇਤਾਂ ਵੱਲੋਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਐੱਸ ਡੀ ਐੱਮ ਸ੍ਰ ਚਰਨਜੋਤ ਸਿੰਘ ਵਾਲੀਆ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਧੂਰੀ ਸ਼ਹਿਰ ਜਲਦ ਘੰਟਾਘਰ ਨਾਲ ਪਹਿਚਾਣ ਰੱਖਣ ਵਾਲੇ ਚੋਣਵੇਂ ਸ਼ਹਿਰਾਂ 'ਚ ਹੋਵੇਗਾ ਸ਼ਾਮਲ

# ਧੂਰੀ ਸ਼ਹਿਰ ਦੀ ਨਵੀਂ ਪਹਿਚਾਣ ਬਣੇਗਾ ਕਲੋਕ ਟਾਵਰ




**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਹਲਕੇ ਵਜੋਂ ਆਪਣੀ ਪਹਿਚਾਣ ਰੱਖਣ ਵਾਲਾ ਧੂਰੀ ਹੁਣ ਆਪਣੇ ਸੁੰਦਰੀਕਰਨ ਲਈ ਵੀ ਜਾਣਿਆ ਜਾਵੇਗਾ, ਕਿਉਂਕਿ ਸ. ਭਗਵੰਤ ਸਿੰਘ ਮਾਨ ਵੱਲੋਂ ਧੂਰੀ ਦੇ ਵਿਕਾਸ ਤੇ ਸੁੰਦਰੀਕਰਨ ਲਈ ਕਰੋੜਾਂ ਦੇ ਪ੍ਰੋਜੈਕਟ ਸ਼ੁਰੂ ਕਰਵਾਏ ਗਏ ਹਨ ਅਤੇ ਇਹਨਾਂ ਪ੍ਰੋਜੈਕਟਾਂ ਤਹਿਤ 1 ਕਰੋੜ 41 ਲੱਖ ਰੁਪਏ ਨਾਲ ਧੂਰੀ ਦੇ ਕ੍ਰਾਂਤੀ ਚੌਂਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਹੋ ਚੁੱਕਾ ਹੈ। ਅਗਲੇ ਕੁਝ ਮਹੀਨਿਆਂ ਵਿੱਚ ਧੂਰੀ ਸ਼ਹਿਰ ਦੇਸ਼ ਦੇ ਉਹਨਾਂ ਗਿਣਵੇਂ ਸ਼ਹਿਰਾਂ ਦੀ ਸੂਚੀ ਵਿੱਚ ਸ਼ਾਮਲ ਹੋ ਜਾਵੇਗਾ, ਜਿਹਨਾਂ ਦੀ ਪਹਿਚਾਣ ਉੱਥੇ ਬਣੇ ਘੰਟਾਘਰ (ਕਲੋਕ ਟਾਵਰ) ਨਾਲ ਹੈ, ਕਿਉਂਕਿ ਸ਼ਹਿਰ ਦੇ ਪ੍ਰਮੁੱਖ ਸਥਾਨ ਮੰਨਦੇ ਜਾਂਦੇ ਕ੍ਰਾਂਤੀ ਚੌਂਕ ਵਿੱਚ ਕਲੋਕ ਟਾਵਰ ਦਾ ਕੰਮ ਸ਼ੁਰੂ ਹੋ ਚੁੱਕਾ ਹੈ, ਜੋ ਜਲਦ ਸ਼ਹਿਰ ਵਾਸੀਆਂ ਨੂੰ ਸਮਰਪਿਤ ਕੀਤਾ ਜਾਵੇਗਾ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਅਰੰਭੇ ਪ੍ਰੋਜੈਕਟਾਂ ਤਹਿਤ ਧੂਰੀ ਸ਼ਹਿਰ ਦੇ ਸੁੰਦਰੀਕਰਨ ਵੱਲ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਕ੍ਰਾਂਤੀ ਚੌਕ ਵਿਖੇ ਕਲੋਕ ਟਾਵਰ ਦੇ ਨਾਲ ਹੈਰੀਟੇਜ ਲਾਈਟਾਂ ਵੀ ਲਗਾਈਆਂ ਜਾਣਗੀਆਂ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਰੋਜ਼ਾਨਾ ਰਿਪੋਰਟ ਲੈਂਦੇ ਹਨ ਤੇ ਉਹਨਾਂ ਦੇ ਆਦੇਸ਼ਾਂ ਅਨੁਸਾਰ ਹਲਕੇ ਦੇ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਸੁੰਦਰੀਕਰਨ ਲਈ ਵੀ ਵੱਡੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ ਅਤੇ ਬਹੁਤ ਜਲਦ ਧੂਰੀ ਸ਼ਹਿਰ ਆਧੁਨਿਕਤਾ ਤੇ ਵਿਰਾਸਤੀ ਸੁੰਦਰਤਾ ਦੇ ਸੁਮੇਲ ਵਜੋਂ ਆਪਣੀ ਵੱਖਰੀ ਪਹਿਚਾਣ ਪੇਸ਼ ਕਰੇਗਾ। ਇਸ ਮੌਕੇ ਧੂਰੀ ਦੇ ਕਾਰਜਕਾਰੀ ਅਫ਼ਸਰ ਗੁਰਿੰਦਰ ਸਿੰਘ ਨੇ ਦੱਸਿਆ ਕਿ ਕਲੋਕ ਟਾਵਰ ਦੇ ਸਭ ਤੋਂ ਥੱਲੇ ਗਰੇਨਾਈਟ ਮਾਰਬਲ ਲੱਗੇਗਾ ਤੇ ਵਿਚਕਾਰ ਟਾਈਲਾਂ ਅਤੇ ਜਾਲੀ ਲਗਾਈ ਜਾਵੇਗੀ, ਉਸ ਤੋਂ ਉਪਰ ਚਾਰੇ ਪਾਸੇ ਡਿਜੀਟਲ ਘੜੀ ਲੱਗੇਗੀ ਤੇ ਸਭ ਤੋਂ ਉਪਰ ਟਾਈਲ ਵਰਕ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਕ੍ਰਾਂਤੀ ਚੌਕ ਦੇ ਸੁੰਦਰੀਕਰਨ ਦਾ ਕੰਮ ਸਮਾਂਬੱਧ ਤਰੀਕੇ ਨਾਲ ਪੂਰਾ ਕੀਤਾ ਜਾਵੇਗਾ।

**1.41 ਕਰੋੜ ਰੁਪਏ ਨਾਲ ਸ਼ਹਿਰ ਦੇ ਕ੍ਰਾਂਤੀ ਚੌਂਕ ਨੂੰ ਪ੍ਰਦਾਨ ਕੀਤੀ ਜਾ ਰਹੀ ਹੈ ਨਵੀਂ ਦਿੱਖ : ਦਲਵੀਰ ਸਿੰਘ ਢਿੱਲੋਂ, ਰਾਜਵੰਤ ਸਿੰਘ ਘੁੱਲੀ**

ਆਵਾਜ਼ਿ ਕੌਮ AWAZE QAUM International Newspaper & WEB TV

## ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਸਮੂਹ ਭਾਰਤੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਮੁਬਾਰਕਾਂ



**ਆਓ ਅੱਜ** ਪ੍ਰਣ ਕਰੀਏ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੀ ਬਾਣੀ ਰਾਹੀਂ ਸਾਨੂੰ ਕੀ ਉਪਦੇਸ਼ ਦਿੱਤੇ ਹਨ ਉਹਨਾਂ ਸਾਨੂੰ ਹੁਕਮ ਦਿੱਤਾ ਸੀ ਨਾਮ ਜਪੋ ਕਿਰਤ ਕਰੋ ਅਤੇ ਵੰਡ ਕੇ ਛਕੋ। ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਅਸੀਂ ਨਾਮ ਜਪਣ ਵਿੱਚ ਵੀ ਕੁਤਾਹੀ ਕਰ ਰਹੇ ਸਾਡੇ ਵਿੱਚੋਂ ਬਹੁਤੇ ਗੁਰੂ ਵਾਲੇ ਨਹੀਂ ਬਣੇ, ਕਿਰਤ ਕਰੋ ਅਸੀਂ ਸੱਚੀ ਕਿਰਤ ਵੀ ਨਹੀਂ ਕਰ ਰਹੇ ਅਤੇ ਪਰਾਇਆ ਹੱਕ ਮਾਰਦੇ ਹਾਂ, ਅਤੇ ਵੰਡ ਕੇ ਛਕੋ ਇਥੇ ਵੀ ਘਾਲੇ-ਮਾਲੇ.ਹਨ ਜੋ ਅਮੀਰ ਹਨ ਉਹ ਗਰੀਬਾਂ ਦਾ ਹਿੱਸਾ ਮਾਰ ਲੈਂਦੇ ਹਨ। ਇਹ ਬਹੁਤ ਦੁੱਖ ਦੀ ਗੱਲ ਹੈ ਕਿ ਅਸੀਂ ਗੁਰੂ ਸਾਹਿਬ ਦੀਆਂ ਕਹੀਆਂ ਹੋਈਆਂ ਗੱਲਾਂ ਉੱਤੇ ਪੂਰਾ ਨਹੀਂ ਉਤਰ ਰਹੇ ਪਰੰਤੂ ਅਸੀਂ ਗੁਰੂ ਵਾਲੇ ਕਹਾਉਣ ਵਿੱਚ ਸਭ ਤੋਂ ਅੱਗੇ ਰਹਿੰਦੇ ਹਾਂ ਹਾਂ ਨਾਲੇ ਬਾਬੇ ਨੇ ਕਰਾਮਾਤਾਂ ਤੋਂ ਰੋਕਿਆ ਸੀ ਅਸੀਂ ਸਭ ਤੋਂ ਵੱਡੇ ਕਰਾਮਾਤੀ ਬਣੇ ਬੈਠੇ ਕੋਈ ਜਗਹਾ ਨਹੀਂ ਛੱਡਦੀ ਜਿੱਥੇ ਅਸੀਂ ਨਹੀਂ ਜਾਂਦੇ। ਚਲੋ ਅੱਗੇ ਚਲਦੇ ਹਾਂ ਅੱਜ ਕੱਲ ਤਿਉਹਾਰਾਂ ਦੇ ਦਿਨ ਹਨ ਦਿਵਾਲੀ ਕੁਝ ਦਿਨ ਪਹਿਲਾਂ ਲੰਘ ਚੁੱਕੀ ਹੈ ਅਸੀਂ ਬਾਬੇ ਦੀ ਗੱਲ ਦਾ ਮਜਾਕ ਉਡਾਇਆ ਜਿੰਨਾ ਕਿਹਾ ਸੀ ਪਵਨ ਗੁਰੂ ਪਾਣੀ ਪਿਤਾ....... ਪ੍ਰੰਤੂ ਅਸੀਂ ਸਾਰਾ ਜ਼ੋਰ ਲਾ ਕੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਹੇ ਹਾਂ ਖੁਸ਼ੀ ਮਨਾਉਣੀ ਹੈ ਇਸ ਨੂੰ ਵਾਤਾਵਰਨ ਖਰਾਬ ਕਰਨ ਤੋਂ ਰੁਕ ਕੇ ਵੀ ਮਨਾਈ ਜਾ ਸਕਦੀ ਹੈ ।ਕਿਸੇ ਲੋੜਵੰਦ ਦੀ ਮਦਦ ਕਰਕੇ ਵੀ ਖੁਸ਼ੀ ਪ੍ਰਾਪਤ ਕੀਤੀ ਜਾ ਸਕਦੀ ਹੈ ਵਾਤਾਵਰਨ ਪ੍ਰਦੂਸ਼ਿਤ ਹੋ ਚੁੱਕਿਆ ਹੈ ਅਸੀਂ ਵੱਧ ਤੋਂ ਵੱਧ ਬੂਟੇ ਲਗਾ ਕੇ ਖੁਸ਼ੀ ਪ੍ਰਾਪਤ ਕਰ ਸਕਦੇ ਹਾਂ ।ਹਾਂ ਪਾਣੀ ਧਰਤੀ ਦੀ ਹੇਠਾਂ ਬਹੁਤ ਡੂੰਘਾ ਜਾ ਚੁੱਕਿਆ ਹੈ ਅਸੀਂ ਪਾਣੀ ਦੀ ਵਰਤੋਂ ਸੁਚੱਜੀ ਤਰੀਕੇ ਨਾ ਕਰਕੇ ਵੀ ਖੁਸ਼ੀ ਪ੍ਰਾਪਤ ਕਰ ਸਕਦੇ ਹਾਂ ਪਰ ਨਹੀਂ ਅਸੀਂ ਹੰਕਾਰ ਬਣ ਗਏ ਹਾਂ ।ਅਸੀਂ ਗੁਰੂ ਦੀ ਗੱਲ ਨਹੀਂ ਮੰਨ ਰਹੇ ਅੱਜ ਅਸੀਂ ਚਲੋ ਗੁਰੂ ਸਾਹਿਬ ਦਾ 556ਵਾਂ ਜਨਮ ਦਿਹਾੜਾ ਮਨਾ ਰਹੇ ਹਾਂ ਅੱਜ ਪ੍ਰਣ ਕਰੀਏ ਕਿ ਹੇ ਬਾਬਾ ਨਾਨਕ ਅਸੀਂ ਊਚ ਨੀਚ,ਵੱਡਾ ਛੋਟਾ ਵਾਲੀਆਂ ਗੱਲਾਂ ਛੱਡ ਕੇ ਤੇਰੀ ਬਾਣੀ ਦੇ ਉੱਤੇ ਪਹਿਰਾ ਦੇਵਾਂਗੇ ਅਤੇ ਖਰੇ ਉਤਰਾਂਗੇ। ਅਸੀਂ ਪਟਾਖੇ ਘੱਟ ਚਲਾਵਾਂਗੇ ਤਾਂ ਕਿ ਵਾਤਾਵਰਨ ਪ੍ਰਦੂਸ਼ਤ ਨਾ ਹੋਵੇ ।ਵੱਧ ਤੋਂ ਵੱਧ ਰੁੱਖ ਲਗਾਵਾਂਗੇ ਇਸ ਤੋਂ ਵੀ ਅੱਗੇ ਜਾ ਕੇ ਅਸੀਂ ਤੇਰੀ ਕਹੀ ਗੱਲ ਉੱਤੇ ਪਹਿਰਾ ਦੇਵਾਂਗੇ ਕਿ ਸਭੇ ਸਾਂਝੀਵਾਲ ਸਦਾਇਨ ਕੋਈ ਨਾ ਦਿਸੇ ਵਾਹਰਾ ਜੀਉ ਭਾਵ ਜੋ ਗਰੀਬ ਲੋਕ ਪਿੰਡਾਂ ਵਿੱਚ ਵਸਦੇ ਹਨ ਉਹਨਾਂ ਨਾਲ ਧੱਕਾ ਹੋ ਰਿਹਾ ਹੈ ਉਹਨਾਂ ਦੇ ਸ਼ਮਸ਼ਾਨ ਘਾਟ ਹਾਲੇ ਵੀ ਵੱਖਰੇ ਹਨ ਸੋ ਆਓ ਅਸੀਂ ਇਹ ਕੂੜ ਦੀਆਂ ਕੰਧਾ ਢਾ ਕੇ ਗੁਰੂ ਵਾਲੇ ਬਣੀਏ ਅਤੇ ਸਾਰਿਆਂ ਪਿੰਡਾਂ ਦੇ ਸ਼ਮਸ਼ਾਨ ਘਾਟ ਇੱਕ ਕਰਨ ਦੀ ਪਿਰਤ ਪਾਈਏ। ਜਦੋਂ ਅਸੀਂ ਅਗਲੇ ਸਾਲ ਬਾਬੇ ਦਾ ਦਿਨ ਮਨਾਵਾਂਗੇ ਅਸੀਂ ਜਰੂਰ ਕਹਾਂਗੇ ਹੇ ਬਾਬੇ ਨਾਨਕ ਅਸੀਂ ਤੇਰੀ ਗੱਲ ਮੰਨ ਲਈ ਹੈ ।ਇਹ ਸਾਡੇ ਸਾਰਿਆਂ ਵਾਸਤੇ ਬੜੇ ਮਾਣ ਵਾਲੀ ਗੱਲ ਹੋਵੇਗੀ ਨਹੀਂ ਕੋਈ ਫਾਇਦਾ ਨਹੀਂ ਝੂਠ ਤੂਫਾਨ ਅਤੇ ਢਡਵੰਜ ਕਰਨ ਦਾ ਜੇ ਸਾਡੇ ਜੀਵਨ ਦਾ ਰਹਿਣ ਸਹਿਣ ਦਾ ਢੰਗ ਅਸੀਂ ਨਹੀਂ ਬਦਲਦੇ,ਗੁਰੂ ਦੀ ਗੱਲ ਨਹੀਂ ਮੰਨਦੇ ਤਾਂ ਅਸੀਂ ਨਾ ਗੁਰੂ ਵਾਲੇ ਅਤੇ ਨਾ ਸਮਾਜ ਵਾਲੇ ਚੰਗੇ ਇਨਸਾਨ ਕਹਾਉਣ ਦੇ ਹੱਕਦਾਰ ਹੋਵਾਂਗੇ

**-ਤੁਹਾਡਾ ਆਪਣਾ ਡਾਕਟਰ ਜਗਜੀਵਨ ਸਿੰਘ ਪ੍ਰਧਾਨ ਮਾਤਾ ਚੰਦ ਕੌਰ ਯਾਦਕਾਰੀ ਟਰਸਟ ਰਜਿਸਟਰਡ ਸ਼ੇਰਪੁਰ ਜਿਲਾ ਸੰਗਰੂਰ ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV

## ਹੰਕਾਰੀ ਰਾਜੇ ਵੜਿੰਗ ਨੂੰ ਦਲਿਤ ਸਮਾਜ ਕਦੇ ਵੀ ਮਾਫ ਨਹੀਂ ਕਰੇਗਾ: ਡਾ.ਜਗਜੀਵਨ ਸਿੰਘ ਸੇਰਪੁਰ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਮੌਜੂਦਾ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਦੇਸ ਦੇ ਸਰਵਉਚ ਅਹੁਦੇ ਤੇ ਰਹੇ ਮਰਹੂਮ ਸਵਰਵਾਸੀ ਕੇਂਦਰ ਦੇ ਸਾਬਕਾ ਗ੍ਰਹਿ ਮੰਤਰੀ ਸ੍ਰ ਬੂਟਾ ਸਿੰਘ ਤੇ ਜਾਤੀ ਟਿੱਪਣੀ ਕੀਤੀ ਹੈ ਜਿਸ ਨਾਲ ਪੂਰੇ ਦਲਿਤ ਭਾਈਚਾਰੇ ਦਾ ਅਪਮਾਨ ਹੋਇਆ ਹੈ। ਜਿਸ ਨੂੰ ਦਲਿਤ ਸਮਾਜ ਕਦੇ ਵੀ ਮਾਫ ਨਹੀਂ ਕਰੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇੰਚਾਰਜ ਡਾਕਟਰ ਜਗਜੀਵਨ ਸਿੰਘ ਸੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਸਾਇਦ ਉਹ ਭੁੱਲ ਗਏ ਹਨ ਕਿ ਬੂਟਾ ਸਿੰਘ ਇੱਕ ਪੜ੍ਹਿਆ ਲਿਖਿਆ ਵਿਅਕਤੀ ਸੀ ਜਿਸਨੇ ਬੀ ਏ ਆਨਰਜ, ਐਮ ਏ ਹਿਸਟਰੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਅਤੇ ਯੂਕੇ ਤੋਂ ਜਰਨਲਿਜ਼ਮ ਅਤੇ ਪਬਲਿਕ ਰਿਲੇਸ਼ਨ ਦੀ ਸਟੱਡੀ ਕੀਤੀ ਸੀ ਅਤੇ ਸਿਆਸਤ ਵਿੱਚ ਆਉਣ ਤੋਂ ਪਹਿਲਾਂ ਉਹ ਇੱਕ ਜਰਨਲਿਸਟ ਤੇ ਲੇਖਕ ਸਨ ਅਤੇ ਉਹ ਅੱਠ ਵਾਰ ਮੈਂਬਰ ਪਾਰਲੀਮੈਂਟ, ਭਾਰਤ ਸਰਕਾਰ ਦੇ ਕਈ ਮਹਿਕਮਿਆਂ ਵਿੱਚ ਕੇਂਦਰੀ ਮੰਤਰੀ ਰਹੇ ਅਤੇ ਦੇਸ ਦੇ ਉਚ ਅਹੁਦੇ ਗ੍ਰਹਿ ਮਨਿਸਟਰ ਰਹੇ ਅਤੇ ਅਨੁਸੂਚਿਤ ਜਾਤੀਆਂ ਦੇ ਉਹ ਨੈਸ਼ਨਲ ਚੇਅਰਮੈਨ ਵੀ ਰਹੇ ਅਤੇ ਕਈ ਸੂਬਿਆਂ ਦੇ ਗਵਰਨਰ ਵੀ ਰਹੇ ਹਨ। ਉਨ੍ਹਾਂ ਕਿਹਾ ਕਿ ਬੂਟਾ ਸਿੰਘ ਦੇ ਸਮਾਜ ਨੇ ਭਾਰੀ ਵੋਟਾਂ ਪਾਕੇ ਕਾਂਗਰਸ ਨੂੰ ਕਈ ਵਾਰ ਸਤਾ ਬਖਸੀ ਪਰ ਇਨ੍ਹਾਂ ਵਰਗਾ ਦੇ ਵਿਅਕਤੀ ਜਿੰਨੇ ਮਰਜ਼ੀ ਅਹੁਦੇ ਤੇ ਚਲੇ ਜਾਣ ਉਨ੍ਹਾਂ ਨੂੰ ਸੀਰੀ ਹੀ ਲਗਦੇ ਹਨ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਆਪਣਾ ਭਰਮ ਦੂਰ ਕਰ ਲੈਣ ਕਿ ਇਹ ਲੋਕ ਬਾਬਾ ਸਾਹਿਬ ਦੀ ਕਿਰਪਾ ਨਾਲ ਪੜ੍ਹ ਲਿਖਕੇ ਅਰਸਰ, ਡਾਕਟਰ, ਇੰਜਨੀਅਰ, ਪ੍ਰੋਫੈਸਰ, ਜੱਜ, ਰਾਜਨੇਤਾ ਹਰ ਖੇਤਰ ਵਿਚ ਆਪਣੀ ਮੇਹਨਤ ਸਦਕਾ ਪਹੁੰਚ ਰਹੇ ਹਨ ਤੁਹਾਡੇ ਅਹਿਸਾਨ ਦੀ ਲੋੜ ਨਹੀਂ।

ਆਵਾਜ਼ਿ ਕੌਮ AWAZE QAUM International Newspaper & WEB TV

## ਲੇਬਰ ਦਾ ਪੰਜੀਜਰਨ ਕਰਨ ਲਈ ਪੰਚਾਇਤਾਂ ਪਹਿਲ ਕਦਮੀਂ ਕਰਨ : ਪ੍ਰਧਾਨ ਸਤਨਾਮ ਸਿੰਘ ਗਿੱਲ



**ਮਹਿਤਾ ਚੌਕ, 5 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਸਮਾਜ 'ਚ ਕਿਰਤੀ ਵਰਗ ਨੂੰ ਸੁਨੇਹਾ ਦਿੰਦਿਆਂ ਹੋਕਾ ਦਿੱਤਾ ਹੈ ਕਿ ਸਭ ਕਿਰਤੀ ਆਪਣਾ ਪੰਜੀਕਰਨ ਕਰਾਉਂਣ ਲਈ ਸਬੰਧਿਤ ਵਿਭਾਗ ਨਾਲ ਰਾਬਤਾ ਕਾਇਮ ਕਰਨ। ਉਨ੍ਹਾ ਨੇ ਦੱਸਿਆ ਕਿ ਬਲਾਕ ਰਈਆ ਦੇ ਪਿੰਡਾਂ ਦੀਆਂ ਪੰਚਾਇਤਾਂ ਖਾਸ਼ ਕਰਕੇ ਸਰਪੰਚਾਂ ਨਾਲ ਤਾਲਮੇਲ ਕਰਕੇ ਘੱਟ ਗਿਣਤੀ ਲੋਕ ਭਲਾਈ ਸੰਸਥਾਂ ਇਮਾਰਤ ਉਸਾਰੀ ਦੇ ਕੰਮ ਨਾਲ ਜੁੜੇ ਕਾਮਿਆਂ ਅਤੇ ਨਰੇਗਾ ਯੋਜਨਾ 'ਚ ਦਿਹਾੜੀ ਕਰਨ ਵਾਲੀਆਂ ਬੀਬੀਆਂ ਦੇ ਲੇਬਰ ਕਾਰਡ ਬਣਵਾਉਂਣ ਲਈ ਸਾਡੇ ਸੰਸਥਾ ਦੇ ਲੇਬਰ ਸੈੱਲ ਦੇ ਚੇਅਰਮੈਨ ਸ ਗੁਲਜ਼ਾਰ ਸਿੰਘ ਮਿਹੋਕਾ ਨਾਲ ਸੰਪਰਕ ਕਰਨ ਉਨ੍ਹਾ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਪਿੰਡ ਜੋਧੇ ਦੇ ਸਰਪੰਚ ਸ੍ਰ ਦਲਜੀਤ ਸਿੰਘ ਸ਼ਾਹ ਨਾਲ ਤਾਲਮੇਲ ਹੋ ਚੁੱਕਾ ਹੈ ।ਸਾਡੀ ਟੀਮ ਪਿੰਡ ਜੋਧੇ ਵਿਖੇ ਲੇਬਰ ਕਾਰਡ ਬਣਾਉਂਣ ਲਈ ਜਾਗਰਿਤੀ ਕੈਂਪ ਲਗਾਉਂਣ ਜਾ ਰਹੀ ਹੈ ਓਨ੍ਹਾ ਨੇ ਕਿਹਾ ਕਿ ਜਿਹੜੇ ਠੇਕੇਦਾਰਾਂ,ਮਿਸਤਰੀਆਂ ਅਤੇ ਮਜਦੂਰੀ ਕਰਨ ਵਾਲਿਆਂ ਨੇ ਰਾਜ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਜੇ ਤੱਕ ਪੰਜੀਕਰਨ ਨਹੀਂ ਕਰਵਾਇਆ ਹੈ ਉਹ ਤੁਰੰਤ ਲੇਬਰ ਸੈੱਲ ਦੇ ਗੁਲਜਾਰ ਸਿੰਘ ਮਿਹੋਕਾ 9710470005 ਤੇ ਸੰਪਰਕ ਕਰਨ ਉਨ੍ਹਾ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਆਪਣੇ ਪਿੰਡਾਂ ਦੀ ਲੇਬਰ ਦਾ ਪੰਜੀਕਰਨ ਕਰਨ ਲਈ ਪਹਿਲ ਕਦਮੀਂ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ,ਭਾਈ ਮਤੀਦਾਸ,ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ

# ਪ੍ਰਕਾਸ਼ ਪੁੰਜ ਪਟਨਾ ਸਾਹਿਬ ਵਿਖੇ "ਸਰਬ ਧਰਮ ਸੰਮੇਲਨ" ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਗਵਰਨਰ ਬਿਹਾਰ,ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਅਤੇ ਵੱਖ-ਵੱਖ ਧਰਮਾਂ ਸੰਪਰਦਾਵਾਂ ਦੇ ਨੁਮਾਇੰਦੇ ਹੋਏ ਸ਼ਾਮਲ

















(ਹੋਰ ਤਸਵੀਰਾਂ ਅਗਲੇ ਪੰਨੇ 'ਤੇ)

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ,ਭਾਈ ਮਤੀਦਾਸ,ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ ਪੁੰਜ ਪਟਨਾ ਸਾਹਿਬ ਵਿਖੇ "ਸਰਬ ਧਰਮ ਸੰਮੇਲਨ" ਵਿੱਚ ਸ਼ਾਮਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਗਵਰਨਰ ਬਿਹਾਰ,ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਅਤੇ ਵੱਖ-ਵੱਖ ਧਰਮਾਂ ਸੰਪਰਦਾਵਾਂ ਦੇ ਨੁਮਾਇੰਦੇ ਸ਼ਾਮਲ ਹੋਏ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ.ਕੇ.)

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ,ਭਾਈ ਮਤੀਦਾਸ,ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ 350ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ

# ਪ੍ਰਕਾਸ਼ ਪੁੰਜ ਪਟਨਾ ਸਾਹਿਬ ਵਿਖੇ "ਸਰਬ ਧਰਮ ਸੰਮੇਲਨ" ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਗਵਰਨਰ ਬਿਹਾਰ,ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਅਤੇ ਵੱਖ-ਵੱਖ ਧਰਮਾਂ ਸੰਪਰਦਾਵਾਂ ਦੇ ਨੁਮਾਇੰਦੇ ਹੋਏ ਸ਼ਾਮਲ



















ਆਵਾਜ਼ਿ ਕੌਮ AWAZE QAUM International Newspaper & WEB TV
























### ਗੁਰਦੁਆਰਾ ਛੱਪੜੀ ਸਾਹਿਬ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ

# ਕੱਤਕ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ





**ਫ਼ਿਰੋਜ਼ਪੁਰ**, 04 **ਨਵੰਬਰ (ਮਨੋਹਰ ਲਾਲ)**:— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਕੱਤਕ ਦੀ ਪੂਰਨ ਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਅੱਜ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਹੈ, ਉਨ੍ਹਾਂ ਸਮੂਹ ਸੰਗਤਾਂ ਨੂੰ ਕਰੋੜ—ਕਰੋੜ ਵਧਾਈ ਦਿੱਤੀ। ਇਸ ਮੌਕੇ ਤੇ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਰਾਏ ਭੋਏ ਦੀ ਤਲਵੰਡੀ ਮੌਜੂਦਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਪਿਤਾ ਕਲਿਆਣ ਦਾਸ ਮਹਿਤਾ ਕਾਲੂ ਜੀ ਅਤੇ ਮਾਤਾ ਤ੍ਰਿਪਤਾ ਜੀ ਦੇ ਗ੍ਰਹਿ ਵਿਖੇ ਅਕਾਲ ਪੁਰਖ ਖੁਦ ਨਿਰਗੁਣ ਤੋਂ ਸਰਗੁਣ ਸਰੂਪ ਧਾਰ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ ਵਿਚ ਜਗਤ ਜਲੰਦੇ ਨੂੰ ਤਾਰਨ ਲਈ ਪ੍ਰਗਟ ਹੋਏ। ਆਪ ਜ਼ੀ ਨੇ ਸੱਤ ਦੀਪ ਨੇ ਖੰਡਾਂ ਵਿਚ ਸਤਿਨਾਮ ਦਾ ਜਾਪ ਜਪਾ ਕੇ ਲੋਕਾਈ ਨੂੰ ਤਾਰਿਆ। ਆਪ ਜੀ ਨੇ ਸਭ ਧਰਮਾਂ ਦਾ ਸਤਿਕਾਰ ਕਰਦਿਆਂ ਪਾਖੰਡਵਾਦ ਦਾ ਖੰਡਨ ਕਰਦਿਆਂ ਸੱਚ ਧਰਮ ਉਪਰ ਚੱਲਣ ਲਈ ਸਰਬ ਸਾਂਝਾ ਉਪਦੇਸ਼ ਦਿੱਤਾ। ਆਪ ਜੀ ਨੇ ਜਾਤ—ਪਾਤ, ਛੂਆ—ਛਤ, ਕਰਮ ਕਾਂਡਾਂ ਅਤੇ ਹਰ ਤਰ੍ਹਾਂ ਦੀਆਂ ਧਾਰਮਿਕ, ਰਾਜਸੀ, ਸਮਾਜਿਕ ਕੁਰੀਤੀਆਂ ਦਾ ਡੱਟ ਕੇ ਵਿਰੋਧ ਕੀਤਾ, ਜਿਸ ਕਰਕੇ ਆਪ ਜੀ ਨੂੰ ਸਿੱਖ ਧਰਮ ਦੇ ਬਾਨੀ ਹੋਣ ਦੇ ਬਾਵਜੂਦ ਵੀ ਸਭ ਧਰਮਾਂ ਦੇ ਲੋਕ ਆਪਣਾ ਗੁਰੂ, ਪੀਰ, ਰਹਿਬਰ, ਔਲੀਆ ਮੰਨਦੇ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਤਾਬਦੀ ਜ਼ੋ ਕਿ 24—25 ਨੂੰ ਆ ਰਹੀ ਹੈ, ਇਸ ਕਰਕੇ 20 ਨਵੰਬਰ ਨੂੰ ਸੰਗਤਾਂ ਗੁਰਦੁਆਰਾ ਛੱਪੜੀ ਸਾਹਿਬ ਪਹੁੰਚੋ ਅਤੇ ਆਨੰਦਪੁਰ ਪਹੁੰਚਣਾ ਹੈ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਜੀ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

### ਗੁਰਦੁਆਰਾ ਪਿੰਡ ਮਾਛੀਵਾੜਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ

# ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਮਨਾਇਆ—ਗਿਆਨੀ ਬਲਵਿੰਦਰ ਸਿੰਘ ਖਾਲਸਾ

**ਫ਼ਿਰੋਜ਼ਪੁਰ, 04 ਨਵੰਬਰ (ਮਨੋਹਰ ਲਾਲ)** :— ਗੁਰਦੁਆਰਾ ਪਿੰਡ ਮਾਛੀਵਾੜਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਸੰਗਤਾਂ ਨੇ ਮਨਾਇਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗਿਆਨੀ ਬਲਵਿੰਦਰ ਸਿੰਘ ਖਾਲਸਾ ਨੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂ ਕਰਵਾਉਂਦਿਆਂ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ 20 ਅਕਤੂਬਰ 1469ਈ ਨੂੰ



ਪਿਤਾ ਮਹਿਤਾ ਕਾਲੂ ਦੇ ਘਰ ਮਾਤਾ ਤ੍ਰਿਪਤਾ ਦੀ ਕੁੱਖੋਂ ਰਾਇ ਭੋਇ ਦੀ ਤਲਵੰਡੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਹੋਇਆ। ਬਚਪਨ ਵਿਚ ਹੀ ਆਪ ਜੀ ਸਰਬੱਤ ਦੇ ਭਲੇ ਦੇ ਪ੍ਰੇਰਕ, ਮਾਨਵਤਾ ਦੇ ਪਿਆਰੇ, ਸਾਂਝੀਵਾਲਤਾ ਦੇ ਅਵਤਾਰ ਸਨ। ਜੁਆਨੀ ਦੀ ਉਮਰ ਵਿਚ ਹੀ ਉਨ੍ਹਾਂ ਨੇ ਘਰ ਬਾਰ ਛੱਡ ਕੇ ਇਕ ਅਜਿਹੇ ਮੁਸ਼ਿਕਲ ਕੰਮ ਨੂੰ ਹੱਥ ਪਾਇਆ, ਜਿਸ ਨੂੰ ਸਿਰੇ ਚੜ੍ਹਾਉਣ ਲਈ ਉਨ੍ਹਾਂ ਨੂੰ ਕਾਫੀ ਔਕੜਾਂ ਦਾ ਸਾਹਮਣਾ ਕਰਨਾ ਪਿਆ। ਉਹ ਮਨੁੱਖ ਮਾਤਰ ਦੇ ਭਲੇ ਲਈ ਅਕਾਲ ਪੁਰਖ ਦਾ ਸੰਦੇਸ਼ ਲਈ ਦੁਨੀਆਂ ਦੇ ਅੱਡ—ਅੱਡ ਭਾਗਾਂ ਵਿਚ ਗਏ, ਉਨ੍ਹਾਂ ਨੇ ਸਾਰੇ ਬਰਮਾਂ, ਚੀਨ, ਮਿਸਰ, ਤਿੱਬਤ, ਸ੍ਰੀਲੰਕਾ, ਅਰਬ, ਈਰਾਨ, ਤੁਰਕੀ ਅਤੇ ਅਫਗਾਨਿਸਤਾਨ, ਸਿਕਮ, ਭੂਟਾਣ ਦਾ ਦੌਰਾ ਉਸ ਸਮੇਂ ਕੀਤਾ ਜਦੋਂ ਆਵਾਜਾਈ ਦੇ ਸਾਧਨ ਬਹੁਤ ਸੀਮਿਤ ਸਨ ਅਤੇ ਸਫਰ ਕਰਨਾ ਖਤਰੇ ਤੋਂ ਖਾਲੀ ਨਹੀਂ ਸੀ। ਉਨ੍ਹਾਂ ਚਾਰ ਉਦਾਸੀਆਂ ਕੀਤੀਆਂ ਅਤੇ ਉਨ੍ਹਾਂ 22 ਸਾਲ ਦੀ ਉਮਰ ਵਿਚ 35 ਹਜ਼ਾਰ ਮੀਲ ਪੈਦਲ ਸਫਰ ਕਰਕੇ ਅੱਡ—ਅੱਡ ਧਰਮਾਂ, ਕੌਮਾਂ, ਵਿਚਾਰਾਂ ਦੇ ਲੋਕਾਂ ਨੂੰ ਮਿਲੇ। ਉਨ੍ਹਾਂ ਦਾ ਉਪਦੇਸ਼ ਸੀ ਕੀਰਤ ਕਰੋ ਵੰਡ ਛਕੋ, ਨਾਮ ਜਪੋ ਅਤੇ ਗੁਰੂ ਜੀ ਵੱਲ ਜਾਣੂ ਕੀਤਾ। ਗੁਰੂ ਨਾਨਕ ਸਾਹਿਬ ਵੱਲੋਂ ਚਲਾਇਆ ਲੰਗਰ ਅੱਜ ਵੀ ਗੁਰੂ ਘਰਾਂ ਵਿਚ ਚੱਲ ਰਿਹਾ ਹੈ, ਸਾਨੂੰ ਉਨ੍ਹਾਂ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਤੇ ਕਰਵਾਏ ਧਾਰਮਿਕ ਸਮਾਗਮ

ਫ਼ਿਰੋਜ਼ਪੁਰ, 04 ਨਵੰਬਰ (ਮਨੋਹਰ ਲਾਲ) :— ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅੱਜ ਭਾਈ ਮਰਦਾਨਾ ਜੀ ਹਾਲ ਵਿਖੇ ਸਹਿਜ ਪਾਠ ਦੇ ਭੋਗ ਪਾਏ ਗਏ। ਭੋਗ ਉਪਰੰਤ ਜੁੜੀ ਸੰਗਤ ਨੂੰ ਗੁਰਬਾਣੀ ਨਾਲ ਜ਼ੋੜਦਿਆਂ ਰਾਗੀ, ਢਾਡੀ ਜਥਿਆਂ ਵੱਲੋਂ ਜਿਥੇ ਰਸਭਿੰਨਾ ਕੀਰਤਨ ਕੀਤਾ ਗਿਆ, ਉਥੇ ਸੰਤ ਮਹਾਂਪੁਰਸ਼ਾਂ ਵੱਲੋਂ ਹਾਜ਼ਰ ਸੰਗਤ ਨੂੰ ਗੁਰਬਾਣੀ ਨਾਲ ਜੁੜਣ ਦਾ ਹੋਕਾ ਦਿੰਦੇ ਹੋਏ ਸਿੱਖ ਰਹਿਤ ਮਰਿਆਦਾ ਵਿਚ ਰਹਿਣ ਦੀ ਅਪੀਲ ਕੀਤੀ। ਇਸ ਮੌਕੇ ਬੋਲਦਿਆਂ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਉਨ੍ਹਾਂ ਦੀ ਜਥੇਬੰਦੀ ਲੰਬੇ ਅਰਸੇ ਤੋਂ ਇਲਾਕੇ ਵਿਚ ਧਾਰਮਿਕ ਸਮਾਗਮ ਕਰਵਾਉਂਦੀ ਆ ਰਹੀ ਹੈ ਅਤੇ ਗੁਰੂ ਸਾਹਿਬਾਨ ਦੀ ਕ੍ਰਿਪਾ ਨਾਲ ਆਏ ਸਾਲ ਗਰੀਬ ਅਤੇ ਜ਼ਰੂਰਤਮੰਦ ਲੜਕੀਆਂ ਦੀਆਂ ਸ਼ਾਦੀਆਂ ਕਰਕੇ ਉਨ੍ਹਾਂ ਦੇ ਘਰ ਵਸਾਉਣ ਦਾ ਕਾਰਜ ਕੀਤਾ ਜਾਂਦਾ ਹੈ। ਇਸ ਧਾਰਮਿਕ ਸਮਾਗਮਾਂ ਦੌਰਾਨ



ਆਈਆਂ ਸੰਗਤਾਂ ਨੂੰ ਕਈ ਤਰ੍ਹਾਂ ਦੇ ਪਕਵਾਨਾਂ ਦੇ ਲੰਗਰਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਪ੍ਰਧਾਨ ਜਗਜੀਤ ਸਿੰਘ ਭੁੱਲਰ, ਹਰਜੀਤ ਸਿੰਘ ਧਾਲੀਵਾਲ, ਸੋਹਣ ਸਿੰਘ, ਹਰਜੀਤ ਸਿੰਘ ਸਰਾਫ, ਰਜੇਸ਼ ਕੁਮਾਰ, ਦਰਸ਼ਨ ਲਾਲ ਹੀਰਾ, ਮਨੋਹਰ ਲਾਲ ਪ੍ਰੈਸ ਸਕੱਤਰ, ਇੰਦਰਪਾਲ ਪ੍ਰਿੰਸ, ਬੱਬੂ ਹੁਸੈਨੀਵਾਲਾ, ਬਲਦੇਵ ਕਿਸ਼ਨ ਹਾਂਡਾ, ਗੁਰਮੀਤ ਸਿੰਘ, ਪੱਤਰਕਾਰ ਕੁਲਬੀਰ ਸਿੰਘ ਸੋਢੀ, ਗੁਰਮੇਲ ਸਿੰਘ ਆਦਿ ਹਾਜ਼ਰ ਸਨ।

# ਲੋਕਾਂ ਦੀਆਂ ਵੋਟਾਂ ਨਾਲ ਬਣੀ ਸਰਕਾਰ ਹੁਣ ਲੋਕਾਂ ਦੀ ਦੁਸ਼ਮਣ ਬਣ ਚੁੱਕੀ ਹੈ : ਭਾਈ ਕਾਬਲ ਸਿੰਘ

## ਮੌਜੂਦਾ ਸਰਕਾਰ ਪੰਜਾਬ ਦੇ ਇਤਿਹਾਸ ਦੀ ਸਭ ਤੋਂ ਨਾਕਾਮ ਸਰਕਾਰ ਸਾਬਤ ਹੋਈ



**ਤਰਨਤਾਰਨ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਤਰਨਤਾਰਨ ਮੁੱਖ ਚੋਣ ਦਫਤਰ ਤੋਂ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੁਆਰਾ ਜਾਰੀ ਪ੍ਰੈਸ ਨੋਟ ਰਾਹੀਂ ਸੀਨੀਅਰ ਆਗੂ ਭਾਈ ਕਾਬਲ ਸਿੰਘ ਜੀ ਨੇ ਕਿਹਾ ਹੈ ਕਿ ਮੌਜੂਦਾ ਸਰਕਾਰ ਪੰਜਾਬ ਦੇ ਇਤਿਹਾਸ ਦੀ ਸਭ ਤੋਂ ਨਾਕਾਮ ਅਤੇ ਜ਼ਮੀਨ ਤੋਂ ਟੁੱਟੀ ਸਰਕਾਰ ਸਾਬਤ ਹੋ ਰਹੀ ਹੈ। ਲੋਕਾਂ ਨੇ ਜਿਨ੍ਹਾਂ ਤੇ ਵਿਸ਼ਵਾਸ ਕਰਕੇ ਵੋਟਾਂ ਪਾਈਆਂ ਸਨ, ਉਹੀ ਅੱਜ ਜਨਤਾ ਦੇ ਦਰਦ ਤੋਂ ਅਣਜਾਣ ਹਨ। ਇਸ ਵਕਤ ਉਹਨਾਂ ਦੇ ਨਾਲ ਭਾਈ ਦਲਜੀਤ ਸਿੰਘ ਜਵੰਦਾ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਹਰਪ੍ਰੀਤ ਸਿੰਘ ਮਿਆਦੀਆਂ, ਬੀਬੀ ਦਵਿੰਦਰ ਕੌਰ, ਜਸ਼ਨਦੀਪ ਸਿੰਘ ਸੰਧੂ, ਭਾਈ ਪਵਿੱਤਰ ਸਿੰਘ ਸੰਧੂ, ਭਾਈ ਰੇਸ਼ਮ ਸਿੰਘ ਵੀ ਮੌਜੂਦ ਸਨ। ਉਹਨਾਂ ਕਿਹਾ ਕਿ ਪੰਜਾਬ ਦਾ ਕਿਸਾਨ ਖੇਤਾਂ ਵਿਚ ਤਬਾਹ ਹੋ ਰਿਹਾ ਹੈ, ਨੌਜਵਾਨ ਨਸ਼ੇ ਤੇ ਬੇਰੁਜ਼ਗਾਰੀ ਦੇ ਖੂਹ ਵਿੱਚ ਧੱਕਿਆ ਜਾ ਰਿਹਾ ਹੈ, ਤੇ ਆਮ ਆਦਮੀ ਨੂੰ ਮਹਿੰਗਾਈ ਦੇ ਜ਼ੁਲਮ ਹੇਠ ਕੁਚਲਿਆ ਜਾ ਰਿਹਾ ਹੈ। ਭਾਈ ਕਾਬਲ ਸਿੰਘ ਨੇ ਕਿਹਾ ਕਿ ਸਰਕਾਰ ਨੇ ਜਿਨ੍ਹਾਂ ਸੁਪਨਿਆਂ ਦੇ ਵਾਅਦੇ ਕਰਕੇ ਲੋਕਾਂ ਦੀਆਂ ਆਸਾਂ ਜਗਾਈਆਂ ਸਨ, ਉਹ ਸਾਰੇ ਸਿਰਫ਼ ਰਾਜਨੀਤਕ ਧੋਖੇ ਸਾਬਤ ਹੋਏ ਨੇ। ਜਿਹੜੀ ਸਰਕਾਰ ਆਪਣੇ ਹੀ ਮੁਲਾਜ਼ਮਾਂ ਨੂੰ ਤਨਖਾਹਾਂ ਲਈ ਤੜਫਾਂ ਰਹੀ ਹੈ, ਕਿਸਾਨਾਂ ਨੂੰ ਰੋਲਿਆ ਜਾ ਰਿਹਾ ਹੈ, ਹਸਪਤਾਲਾਂ 'ਚ ਕੋਈ ਦਵਾਈ ਨਹੀਂ ਜੋਕਿ ਇਕ ਨਾਕਾਮ ਪ੍ਰਬੰਧਨ ਹੈ। ਉਹਨਾਂ ਕਿਹਾ ਕਿ ਪੰਜਾਬ ਨੂੰ ਅੱਜ "ਸੂਬਾ ਨਹੀਂ, ਸੰਗਰਾਮ" ਦੀ ਹਾਲਤ ਵਿੱਚ ਧੱਕ ਦਿੱਤਾ ਗਿਆ ਹੈ। ਹਰ ਦਿਨ ਕੋਈ ਨਾ ਕੋਈ ਨਵਾਂ ਝੂਠਾ ਐਲਾਨ ਹੁੰਦਾ ਹੈ, ਪਰ ਜ਼ਮੀਨੀ ਹਾਲਤ ਹਰ ਰੋਜ਼ ਹੋਰ ਮਾੜੀ ਹੋ ਰਹੀ ਹੈ। ਕਿਸਾਨ ਆਪਣੀ ਫ਼ਸਲ ਵੇਚਣ ਲਈ ਦਰ-ਬ-ਦਰ ਫਿਰਦਾ ਹੈ, ਨੌਜਵਾਨ ਰੋਜ਼ਗਾਰ ਦੀ ਥਾਂ ਪਰਵਾਸ ਦੀ ਲਾਈਨ ਵਿੱਚ ਖੜਾ ਹੈ ਤੇ ਔਰਤਾਂ ਨੂੰ ਮਹਿੰਗਾਈ ਨੇ ਘਰ ਦਾ ਚੁੱਲ੍ਹਾ ਬੁਝਾਉਣ ਲਈ ਮਜਬੂਰ ਕਰ ਦਿੱਤਾ ਹੈ ਹੈ। ਭਾਈ ਕਾਬਲ ਸਿੰਘ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਆਲੋਚਕ ਨਹੀਂ, ਸਗੋਂ ਹੱਲ ਪੇਸ਼ ਕਰਨ ਵਾਲੀ ਪੰਥਕ ਤਾਕਤ ਹੈ। ਸਾਡਾ ਮਕਸਦ ਸਰਕਾਰਾਂ ਨੂੰ ਗਿਰਾਉਣਾ ਨਹੀਂ, ਸਗੋਂ ਸਿਸਟਮ ਨੂੰ ਜਗਾਉਣਾ ਹੈ। ਹੁਣ ਲੋਕਾਂ ਨੂੰ ਆਪਣੀ ਤਾਕਤ ਦਾ ਅਹਿਸਾਸ ਕਰਨਾਂ ਚਾਹੀਦਾ ਹੈ ਕਿਉਂਕਿ ਜਦੋਂ ਜਨਤਾ ਜਾਗਦੀ ਹੈ, ਉਦੋਂ ਕੋਈ ਵੀ ਜ਼ਾਲਿਮ ਸਰਕਾਰ ਟਿਕ ਨਹੀਂ ਸਕਦੀ। ਉਹਨਾਂ ਕਿਹਾ ਕਿ ਇਹ ਸਮਾਂ ਪੰਜਾਬ ਨੂੰ ਝੂਠੀਆਂ ਸਿਆਸਤਾਂ ਤੋਂ ਆਜ਼ਾਦ ਕਰਵਾਉਣ ਦਾ ਹੈ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਇਸ ਸੰਗਰਾਮ ਦਾ ਅਗੂਆ ਬਣ ਕੇ ਲੋਕਾਂ ਦੀ ਆਵਾਜ਼ ਬਣੀ ਰਹੇਗੀ।

# ਝੂਠੇ ਵਾਅਦਿਆਂ ਤੇ ਟਿਕੀ ਸਰਕਾਰ ਦਾ ਪਰਦਾ.ਫਾਸ਼ ਹੋ ਚੁੱਕਾ ਹੈ : ਸ੍ਰ ਬਾਬੂ ਸਿੰਘ ਬਰਾੜ

## ਪੰਜਾਬ ਦੇ ਲੋਕ ਹੁਣ ਬਦਲਾਅ ਨਹੀਂ, ਇਨਕਲਾਬ ਦੇ ਮੂਡ ਵਿੱਚ ਹਨ, ਅਤੇ ਮਨਦੀਪ ਸਿੰਘ ਖਾਲਸਾ ਭਾਰੀ ਫ਼ਰਕ ਨਾਲ ਜਿੱਤਣਗੇ

ਤਰਨਤਾਰਨ, 5 ਨਵੰਬਰ (**ਆਵਾਜ਼ਿ ਕੌਮ ਬਿਊਰੋ**)-ਅਕਾਲੀ ਦਲ ( ਵਾਰਿਸ ਪੰਜਾਬ ਦੇ ) ਸੀਨੀਅਰ ਆਗੂ ਅਤੇ ਉੱਘੇ ਲੇਖਕ ਸ੍ਰ ਬਾਬੂ ਸਿੰਘ ਬਰਾੜ ਨੇ ਸ਼ਮਸ਼ੇਰ ਸਿੰਘ ਪੱਧਰੀ ਦੁਆਰਾ ਜਾਰੀ ਕੀਤੇ ਪ੍ਰੈਸ ਨੋਟ ਰਾਹੀਂ ਕਿਹਾ ਕਿ ਮੌਜੂਦਾ ਸਰਕਾਰ ਆਪਣੀ ਨਾਕਾਮੀ ਦੇ ਰਿਕਾਰਡ ਤੋੜ ਚੁੱਕੀ ਹੈ। ਲੋਕਾਂ ਦੀਆਂ ਵੋਟਾਂ ਨਾਲ ਬਣੀ ਇਹ ਸਰਕਾਰ ਹੁਣ ਲੋਕਾਂ ਦੀ ਦੁਸ਼ਮਣ ਬਣ ਚੁੱਕੀ ਹੈ। ਜਿਨ੍ਹਾਂ ਨੇ ਲੋਕਾਂ ਨੂੰ ਸੁਪਨੇ ਵਿਖਾ ਕੇ ਵੋਟਾਂ ਲੈ ਲਈਆਂ, ਉਹੀ ਅੱਜ ਜਨਤਾ ਦੇ ਦਰਦ ਤੇ ਮੁਸ਼ਕਲਾਂ ਤੋਂ ਬੇਖ਼ਬਰ ਹਨ। ਸ੍ਰ ਬਰਾੜ ਨੇ ਕਿਹਾ ਕਿ ਕਿਸਾਨ ਖੇਤਾਂ ਵਿੱਚ ਤਬਾਹ ਹੋ ਰਿਹਾ ਹੈ, ਨੌਜਵਾਨ ਨਸ਼ੇ ਅਤੇ ਬੇਰੁਜ਼ਗਾਰੀ ਦੀ ਮਾਰ ਝੱਲ ਰਹੇ ਹਨ, ਤੇ ਘਰ-ਘਰ ਚ ਮਹਿੰਗਾਈ ਦੀ ਮਾਰ ਨੇ ਆਮ ਆਦਮੀ ਦਾ ਜੀਵਨ ਔਖਾ ਕਰ ਦਿੱਤਾ ਹੈ। ਜਿਹੜੀ ਸਰਕਾਰ ਆਪਣੇ ਮੁਲਾਜ਼ਮਾਂ ਨੂੰ ਸਮੇਂ 'ਤੇ ਤਨਖਾਹ ਨਹੀਂ ਦੇ ਸਕਦੀ, ਹਸਪਤਾਲਾਂ ਵਿੱਚ ਦਵਾਈ ਨਹੀਂ ਦੇ ਸਕਦੀ, ਸਕੂਲਾਂ ਵਿੱਚ ਅਧਿਆਪਕ ਨਹੀਂ ਰੱਖ ਸਕਦੀ ਉਹ ਲੋਕਾਂ ਦੀ ਸਰਕਾਰ ਨਹੀਂ, ਸਿਰਫ਼ ਇਕ ਪ੍ਰਚਾਰਬਾਜ਼ ਮਸ਼ੀਨ ਹੈ। ਉਹਨਾਂ ਕਿਹਾ ਕਿ ਹਰ ਦਿਨ ਨਵੇਂ ਝੂਠੇ ਐਲਾਨ ਹੁੰਦੇ ਹਨ, ਪਰ ਜ਼ਮੀਨੀ ਹਾਲਾਤ ਹਰ ਰੋਜ਼ ਹੋਰ ਮਾੜੇ ਹੋ ਰਹੇ ਹਨ। ਕਿਸਾਨ ਆਪਣੀ ਫਸਲ ਵੇਚਣ ਲਈ ਤੜਫ ਰਿਹਾ ਹੈ, ਨੌਜਵਾਨ ਪਰਵਾਸ ਲਈ ਲਾਈਨ ਵਿੱਚ ਖੜਾ ਹੈ, ਤੇ ਔਰਤਾਂ ਮਹਿੰਗਾਈ ਹੇਠ ਘਰ ਦਾ ਚੁੱਲ੍ਹਾ ਬੁਝਾਉਣ ਲਈ ਮਜਬੂਰ ਹਨ। ਸ੍ਰ ਬਾਬੂ ਸਿੰਘ ਬਰਾੜ ਨੇ ਦੱਸਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਸਰਕਾਰਾਂ ਦੀ ਆਲੋਚਨਾ ਕਰਨ ਵਾਲੀ ਪਾਰਟੀ ਨਹੀਂ, ਸਗੋਂ ਹੱਲ ਪੇਸ਼ ਕਰਨ ਵਾਲੀ ਪੰਥਕ ਤੇ ਲੋਕਤੰਤਰਕ ਤਾਕਤ ਹੈ। ਸਾਡਾ ਮਕਸਦ ਤਖ਼ਤਾਂ ਨੂੰ ਹਿਲਾਉਣਾ ਨਹੀਂ, ਸਿਸਟਮ ਨੂੰ ਜਗਾਉਣਾ ਹੈ। ਉਹਨਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਲੋਕ ਆਪਣੀ ਤਾਕਤ ਪਛਾਨਣ ਕਿਉਂਕਿ ਜਦੋਂ ਜਨਤਾ ਜਾਗਦੀ ਹੈ, ਤਾਂ ਕੋਈ ਵੀ ਜ਼ਾਲਿਮ ਸਰਕਾਰ ਆਪਣੀ ਕੁਰਸੀ ਨਹੀਂ ਬਚਾ ਸਕਦੀ। ਭਾਈ ਬਰਾੜ ਨੇ ਆਖ਼ਰ ਵਿੱਚ ਕਿਹਾ ਕਿ ਪੰਜਾਬ ਨੂੰ ਹੁਣ ਝੂਠੀਆਂ ਸਿਆਸਤਾਂ ਨਹੀਂ, ਸੱਚ ਤੇ ਸਿੱਖੀ ਅਸੂਲਾਂ ਤੇ ਆਧਾਰਤ ਰਾਜਨੀਤਕ ਇਨਕਲਾਬ ਦੀ ਲੋੜ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੜੀਵਾਰ ਇਤਿਹਾਸ ਦੀ ਕਥਾ ਹਾਜਰੀ ਭਰੀ ਗਈ


















ਆਵਾਜ਼ਿ ਕੌਮ AWAZE QAUM International Newspaper & WEB TV

ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਦਰਸ਼ਨ ਦੀਦਾਰੇ ਅਤੇ ਲੜੀਵਾਰ ਇਤਿਹਾਸ ਦੀ ਕਥਾ ਹਾਜਰੀ ਭਰਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਾਲ ਮੀਤ ਪ੍ਰਧਾਨ ਗੁਰਬੀਰ ਸਿੰਘ ਤਲਾਕੌਰ, ਸਰਦਾਰ ਜਗਤਾਰ ਸਿੰਘ ਮਾਨ ਅੰਤਰਿੰਗ ਮੈਂਬਰ,ਸਰਦਾਰ ਸਵਰਨ ਸਿੰਘ ਬੂੰਗਾ ਟਿੱਬੀ ਸੀਨੀਅਰ ਮੈਂਬਰ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਸਾਬਕਾ ਜਰਨਲ ਸਕੱਤਰ,ਸਰਦਾਰ ਉਮਰਾਓ ਸਿੰਘ ਛੀਨਾ ਕੈਂਥਲ,ਭਾਈ ਗੁਰਸੇਵਕ ਸਿੰਘ ਰੰਗੀਲਾ ਅਤੇ ਭਾਈ ਜਗਮੀਤ ਸਿੰਘ ਬਰਾੜ,,ਹਾਜਰੀ ਭਰਦੀ ਸਿੱਖ ਸੰਗਤ ਅਤੇ ਸਨਮਾਨਿਤ ਕਰਦੇ ਪ੍ਰਬੰਧਕ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

**ਆਈ.ਟੀ. ਸਿਟੀ ਮੋਹਾਲੀ ਤੋਂ ਵੱਖ-ਵੱਖ ਸ਼ਹਿਰਾਂ ਨੂੰ ਜੋੜਨ ਵਾਲੇ**

# ਨੈਸ਼ਨਲ ਹਾਈਵੇ ’ਤੇ ਪੰਜਾਬੀ ਵਿੱਚ ਲਿਖੇ ਗਲਤ ਅੱਖਰ, ਲੋਕਾਂ ਵੱਲੋਂ ਸਾਈਨ ਬੋਰਡਾਂ ਦੀ ਸੋਧ ਦੀ ਮੰਗ

## ਕਿਹਾ- ਇਤਿਹਾਸਕ ਸ਼ਹਿਰਾਂ ਦੇ ਨਾਮ ਗੁਰੂ ਸਾਹਿਬਾਨ ਅਤੇ ਸਾਹਿਬਜ਼ਾਦਿਆਂ ਨਾਲ ਜੁੜੇ ਹੋਏ ਹਨ










ਖਰੜ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)– ਇੱਕ ਪਾਸੇ ਜਿੱਥੇ ਪੰਜਾਬ ਸਰਕਾਰ ਵੱਲੋਂ ਮਾਂ–ਬੋਲੀ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਵੱਡੇ ਪੱਧਰ ’ਤੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਕਰੋੜਾਂ ਰੁਪਏ ਪ੍ਰਚਾਰ ਤੇ ਖਰਚੇ ਜਾ ਰਹੇ ਹਨ, ਉੱਥੇ ਹੀ ਦੂਜੇ ਪਾਸੇ ਕਈ ਥਾਵਾਂ ’ਤੇ ਪੰਜਾਬੀ ਭਾਸ਼ਾ ਦਾ ਘਾਣ ਆਮ ਗੱਲ ਬਣ ਚੁੱਕੀ ਹੈ। ਆਈ.ਟੀ. ਸਿਟੀ ਮੋਹਾਲੀ ਨੂੰ ਵੱਖ–ਵੱਖ ਸ਼ਹਿਰਾਂ ਨਾਲ ਜੋੜਦੇ ਨੈਸ਼ਨਲ ਹਾਈਵੇ ’ਤੇ ਲੱਗੇ ਸਾਈਨ ਬੋਰਡ ਇਸ ਦੀ ਤਾਜ਼ਾ ਮਿਸਾਲ ਹਨ। ਇੱਥੇ ਸ਼ਹਿਰਾਂ ਦੇ ਨਾਮ ਪੰਜਾਬੀ ਵਿੱਚ ਗਲਤ ਤਰੀਕੇ ਨਾਲ ਲਿਖੇ ਹੋਏ ਹਨ। ਇਤਿਹਾਸਕ ਸ਼ਹਿਰ ਸ੍ਰੀ ਫਤਿਹਗੜ੍ਹ ਸਾਹਿਬ ਨੂੰ “ਫਭਿਹਗੜ੍ਹ ਸਾਹਿਬ” ਤੇ ਲੁਧਿਆਣਾ ਨੂੰ “ਲੁਪਿਆਣਾ” ਲਿਖਿਆ ਗਿਆ ਹੈ। ਇਸ ਤੋਂ ਇਲਾਵਾ ਕਈ ਥਾਵਾਂ ’ਤੇ ਹਿੰਦੀ ਭਾਸ਼ਾ ਵਾਲੇ ਸਲੋਗਨ ਪੰਜਾਬੀ ਬੋਰਡਾਂ ’ਤੇ ਦਰਜ ਹਨ, ਜਿਵੇਂ “ਦੁਰਘਟਨਾ ਸੇ ਦੇਰ ਭਲੀ”, ਜਿਸ ਨਾਲ ਭਾਸ਼ਾ ਦੀ ਗੰਭੀਰ ਅਣਗਹਿਲੀ ਸਾਹਮਣੇ ਆ ਰਹੀ ਹੈ। ਇਲਾਕਾ ਨਿਵਾਸੀਆਂ ਅਤੇ ਸਮਾਜਕ ਆਗੂਆਂ ਗੁਰਿੰਦਰਜੀਤ ਸਿੰਘ ਬਡਾਲਾ, ਕੁਲਵੰਤ ਸਿੰਘ ਤ੍ਰਿਪੜੀ, ਪਰਮਜੀਤ ਸਿੰਘ ਬਰੌਲੀ, ਸਰਬਜੀਤ ਸਿੰਘ ਗੋਲਾ, ਹਰਮੇਲ ਸਿੰਘ ਲਾਲੀ, ਹਰਜੀਤ ਸਿੰਘ ਮੁੰਡੀਆਂ, ਗੁਰਦੀਪ ਸਿੰਘ ਧਨੋਆ ਸਮੇਤ ਹੋਰਾਂ ਨੇ ਸਰਕਾਰ ਅਤੇ ਨੈਸ਼ਨਲ ਹਾਈਵੇ ਅਥਾਰਟੀ ਕੋਲ ਮੰਗ ਕੀਤੀ ਹੈ ਕਿ ਇਹ ਗਲਤੀਆਂ ਤੁਰੰਤ ਠੀਕ ਕੀਤੀਆਂ ਜਾਣ। ਉਹਨਾਂ ਕਿਹਾ ਕਿ ਇਹ ਇਤਿਹਾਸਕ ਸ਼ਹਿਰਾਂ ਦੇ ਨਾਮ ਗੁਰੂ ਸਾਹਿਬਾਨ ਅਤੇ ਸਾਹਿਬਜ਼ਾਦਿਆਂ ਨਾਲ ਜੁੜੇ ਹੋਏ ਹਨ, ਇਸ ਲਈ ਉਨ੍ਹਾਂ ਦਾ ਘਾਣ ਕਿਸੇ ਵੀ ਸੂਰਤ ’ਚ ਨਹੀਂ ਹੋਣਾ ਚਾਹੀਦਾ। ਇਹ ਵੀ ਮੰਗ ਕੀਤੀ ਗਈ ਕਿ ਅੱਗੇ ਤੋਂ ਸਾਰੇ ਨਵੇਂ ਸਾਈਨ ਬੋਰਡ ਪੰਜਾਬੀ ਦੇ ਜਾਣਕਾਰ ਵਿਅਕਤੀਆਂ ਤੋਂ ਹੀ ਲਿਖਵਾਏ ਜਾਣ, ਤਾਂ ਜੋ ਭਾਸ਼ਾਈ ਗਲਤੀਆਂ ਤੋਂ ਬਚਿਆ ਜਾ ਸਕੇ।

### ਕੀ ਕਹਿਣਾ ਹੈ ਡਿਪਟੀ ਕਮਿਸ਼ਨਰ ਮੋਹਾਲੀ ਦਾ ?



ਇਸ ਸਬੰਧੀ ਜਦੋਂ ਮੋਹਾਲੀ ਦੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ (ਆਈਏਐਸ) ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਨੈਸ਼ਨਲ ਹਾਈਵੇ ਅਥਾਰਟੀ ਨੂੰ ਸਾਰੇ ਗਲਤ ਬੋਰਡ ਠੀਕ ਕਰਨ ਦੇ ਆਦੇਸ਼ ਦਿੱਤੇ ਜਾ ਚੁੱਕੇ ਹਨ। ਉਨ੍ਹਾਂ ਅਨੁਸਾਰ, 15 ਤਰੀਖ ਤੱਕ ਸਾਰੇ ਗਲਤ ਬੋਰਡ ਸਹੀ ਕਰਕੇ ਦੁਬਾਰਾ ਲਗਾ ਦਿੱਤੇ ਜਾਣਗੇ।

# ਮਾਛੀਵਾੜਾ ਗੋਲੀਕਾਂਡ: ਖੰਨਾ ਪੁਲਿਸ ਵੱਲੋਂ ਦੋਸ਼ੀ 5 ਦਿਨਾਂ ’ਚ ਗ੍ਰਿਫ਼ਤਾਰ





## ਵਰਨਾ ਕਾਰ ਸਮੇਤ 2 ਗ੍ਰਿਫ਼ਤਾਰ, ਹਥਿਆਰ ਸਪਲਾਇਰਾਂ ਦੀ ਭਾਲ ਜਾਰੀ, ਐਸਐਸਪੀ ਡਾ. ਜੋਤੀ ਯਾਦਵ ਬੈਂਸ ਨੇ ਕਿਹਾ ਅਪਰਾਧੀ ਕਿਤੇ ਵੀ ਛੁਪ ਨਹੀਂ ਸਕਦੇ

ਖੰਨਾ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)– ਖੰਨਾ ਪੁਲਿਸ ਨੇ ਇਕ ਵਾਰ ਫਿਰ ਆਪਣੀ ਸੁਰਖ਼ੀਅਤ ਤੇਜ਼ ਕਾਰਵਾਈ ਨਾਲ ਸਾਬਤ ਕਰ ਦਿੱਤੀ ਕਿ ਕਾਨੂੰਨ ਦੇ ਲੰਮੇ ਹੱਥਾਂ ਤੋਂ ਅਪਰਾਧੀ ਬਚ ਨਹੀਂ ਸਕਦੇ। ਮਾਛੀਵਾੜਾ ਸਾਹਿਬ ਵਿੱਚ 30 ਅਕਤੂਬਰ ਦੀ ਰਾਤ ਹੋਈ ਗੋਲੀਬਾਰੀ ਦੀ ਵਾਰਦਾਤ ਵਿੱਚ ਸ਼ਾਮਲ ਦੋਸ਼ੀਆਂ ਨੂੰ ਸਿਰਫ ਪੰਜ ਦਿਨਾਂ ਵਿੱਚ ਕਾਰ ਸਮੇਤ ਕਾਬੂ ਕਰ ਲਿਆ ਗਿਆ। ਐਸਐਸਪੀ ਡਾ. ਜੋਤੀ ਯਾਦਵ ਬੈਂਸ ਨੇ ਦੱਸਿਆ ਕਿ ਡੀਜੀਪੀ ਗੌਰਵ ਯਾਦਵ ਅਤੇ ਡੀ ਆਈ ਜੀ ਸਤਿੰਦਰ ਸਿੰਘ ਦੇ ਨਿਰਦੇਸ਼ਾਂ ਹੇਠ ਚੱਲ ਰਹੀ ਵਿਸ਼ੇਸ਼ ਮੁਹਿੰਮ ਦੇ ਤਹਿਤ ਐਸਪੀ ਪਵਨਜੀਤ, ਡੀਐਸਪੀ ਮੋਹਤ ਕੁਮਾਰ ਸਿੰਘਲਾ, ਡੀਐਸਪੀ ਕਰਮਜੀਤ ਸਿੰਘ ਗਰੇਵਾਲ ਅਤੇ ਸਬ ਇੰਸਪੈਕਟਰ ਨਰਪਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਸੀ–ਸਟਾਫ ਖੰਨਾ ਨੇ ਇਹ ਸਫਲਤਾ ਹਾਸਲ ਕੀਤੀ। 31 ਅਕਤੂਬਰ ਨੂੰ ਗੋਲੀਬਾਰੀ ਮਾਮਲੇ ਚ ਦਰਜ ਐਫਆਈਆਰ ਨੰਬਰ 199 ਬੀਐੱਨਐੱਸ ਧਾਰਾ 109(5) ਅਤੇ ਆਰਮਜ਼ ਐਕਟ 25/54/59 ਹੇਠ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਕਾਰ ਮਾਰਕਾ ਵਰਨਾ ਨੰਬਰ ਪੀਬੀ 10 ਡੀਐਮ 6160 ਵੀ ਬਰਾਮਦ ਕੀਤੀ ਗਈ। ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਅਰਸ਼ਦੀਪ ਸਿੰਘ ਵਾਸੀ ਕਲਾਨੌਰ ਤੇ ਉਸਦਾ ਸਾਥੀ ਗੁਰਦਿਆਲ ਸਿੰਘ ਉਰਫ਼ ਪੱਡਾ ਨੂੰ ਕਾਬੂ ਕੀਤਾ ਗਿਆ ਹੈ। ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਕਿ ਹਥਿਆਰ ਗੁਰਲਾਲ ਸਿੰਘ ਅਤੇ ਕਰਨ ਮਸੀਹ ਨੇ ਮੁਹੱਈਆ ਕਰਵਾਇਆ ਸੀ। ਐਸਐਸਪੀ ਡਾ. ਜੋਤੀ ਯਾਦਵ ਬੈਂਸ ਨੇ ਕਿਹਾ — “ਸਾਡਾ ਮਕਸਦ ਹੈ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਪੂਰੀ ਸੁਰੱਖਿਆ ਮਿਲੇ। ਖੰਨਾ ਪੁਲਿਸ ਅਪਰਾਧੀਆਂ ਵਿਰੁੱਧ ਜੰਗ ਜਾਰੀ ਰੱਖੇਗੀ।” ਪਿਛਲੇ ਇੱਕ ਸਾਲ ਵਿੱਚ ਖੰਨਾ ਪੁਲਿਸ ਨੇ 25 ਤੋਂ ਵੱਧ ਵੱਡੀਆਂ ਕਾਰਵਾਈਆਂ ਕੀਤੀਆਂ ਹਨ — ਜਿਨ੍ਹਾਂ ਵਿੱਚ ਨਸ਼ਾ ਤਸਕਰੀ, ਹਥਿਆਰਾਂ ਦੀ ਤਸਕਰੀ ਤੇ ਗੋਲੀਬਾਰੀ ਮਾਮਲੇ ਸ਼ਾਮਲ ਹਨ। ਪੁਲਿਸ ਦੀ ਇਸ ਕਾਰਵਾਈ ਨਾਲ ਲੋਕਾਂ ਵਿੱਚ ਕਾਨੂੰਨ ਪ੍ਰਤੀ ਭਰੋਸਾ ਹੋਰ ਮਜ਼ਬੂਤ ਹੋਇਆ ਹੈ।

# ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦਾ ਜਨਰਲ ਕੌਂਸਲ ਦਾ ਇਜਲਾਸ 8 ਨੂੰ : ਚੋਟਾਲਾ



ਹੁਸ਼ਿਆਰਪੁਰ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)–ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ 17ਵੀਂ ਜਨਰਲ ਕੌਂਸਲ ਦਾ ਇਜਲਾਸ 8 ਨਵੰਬਰ 2025 ਦੇਸ਼ ਭਗਤ ਯਾਦਗਾਰੀ ਹਾਲ ਜਲੰਧਰ ਵਿਖੇ ਕਰਵਾਇਆ ਜਾ ਰਿਹਾ ਹੈ ਇਸ ਮੌਕੇ ਬੋਲਦਿਆਂ ਜਿਲਾ ਪ੍ਰਧਾਨ ਪ੍ਰਿਤਪਾਲ ਸਿੰਘ ਚੋਟਾਲਾ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਨੇ ਜਨਤਕ ਸਿੱਖਿਆ ਨੂੰ ਤਬਾਹੀ ਦੇ ਕੰਢੇ ਪਹੁੰਚਾ ਦਿੱਤਾ ਹੈ। ਇਸ ਤੋਂ ਇਲਾਵਾ, ਇਹ ਸਰਕਾਰ ਕਰਮਚਾਰੀ ਵਿਰੋਧੀ ਸਾਬਤ ਹੋਈ ਹੈ। ਅਧਿਆਪਕਾਂ ਦੀਆਂ ਮੁੱਖ ਮੰਗਾਂ ਵਿੱਚ ਸ਼ਾਮਲ ਹਨ: 2020 ਦੀ ਸਿੱਖਿਆ ਨੀਤੀ ਰੱਦ ਕੀਤੀ ਜਾਵੇ; ਸਿੱਖਿਆ ਦਾ ਨਿੱਜੀਕਰਨ ਅਤੇ ਵਪਾਰੀਕਰਨ ਤੁਰੰਤ ਬੰਦ ਕੀਤਾ ਜਾਵੇ; ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ; 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕੀਤਾ ਜਾਵੇ; ਕੇਂਦਰੀ ਸਕੇਲ ਰੱਦ ਕੀਤਾ ਜਾਵੇ ਅਤੇ ਪੰਜਾਬ ਸਕੇਲ ਲਾਗੂ ਕੀਤਾ ਜਾਵੇ; ਅਤੇ ਸੋਧਾਂ ਦੇ ਨਾਮ ’ਤੇ ਪੇਂਡੂ ਭੱਤੇ ਰੋਕੇ ਗਏ ਹਨ। ਇਸ ਮੌਕੇ ਬੋਲਦਿਆਂ ਜਨਰਲ ਸਕੱਤਰ ਜਸਵੀਰ ਤਲਵਾੜਾ ਅਤੇ ਸੀਨੀਅਰ ਮੀਤ ਪ੍ਰਧਾਨ ਅਮਰ ਸਿੰਘ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਸਾਰੇ ਅਧਿਆਪਕਾਂ ਨੂੰ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਤਨਖਾਹ ਦਿੱਤੀ ਜਾਵੇ ਅਤੇ ਅਧਿਆਪਕਾਂ ਦੇ ਬਕਾਇਆ ਬਿੱਲ ਤੁਰੰਤ ਪਾਸ ਕੀਤੇ ਜਾਣ, ਵੱਖ–ਵੱਖ ਅਧਿਆਪਕਾਂ ਦੇ ਹੱਕ ਵਿੱਚ ਲਏ ਗਏ ਫੈਸਲਿਆਂ ਨੂੰ ਜਰਨਲਾਈਜ਼ ਕੀਤਾ ਜਾਵੇ, ਮੁੜ ਨਿਯੁਕਤੀਆਂ ਸੂਚੀਆਂ ਤੁਰੰਤ ਰੱਦ ਕੀਤੀਆਂ ਜਾਣ, ਪੜ੍ਹਾਉਣ ਅਤੇ ਸਿੱਖਣ ਲਈ ਇੱਕ ਚੰਗਾ ਅਕਾਦਮਿਕ ਮਾਹੌਲ ਬਣਾਉਣ ਲਈ ਸਾਰੇ ਗੈਰ–ਅਕਾਦਮਿਕ ਕੰਮ ਬੰਦ ਕੀਤੇ ਜਾਣ । ਉਪਰੋਕਤ ਮੰਗਾਂ ਦੀ ਪ੍ਰਾਪਤੀ ਲਈ ਜਲੰਧਰ ਵਿੱਚ ਇੱਕ ਜਨਰਲ ਕੌਂਸਲ ਕੀਤੀ ਜਾਵੇਗੀ, ਅਤੇ ਐਕਸ਼ਨ ਦਾ ਐਲਾਨ ਕੀਤਾ ਜਾਵੇਗਾ। ਇਸ ਜਨਰਲ ਕੌਂਸਲ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ, ਬਲਾਕ ਪ੍ਰਧਾਨ, ਸਕੱਤਰ ਅਤੇ ਸੀਨੀਅਰ ਜ਼ਿਲ੍ਹਾ ਆਗੂ ਸ਼ਾਮਲ ਹੋਣਗੇ। ਇਸ ਮੌਕੇ ਬਰਿੰਦਰ ਵਿੱਕੀ ਸਚਿਨ ਕੁਮਾਰ ਸਰਬਜੀਤ ਸਿੰਘ ਡੱਫਰ ਅਤੇ ਹੋਰ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਜਨਮ ਦਿਹਾੜਾ ਸੰਨੀ ਓਬਰਾਏ ਕਲੀਨਿਕ ਵੱਲੋਂ ਸ਼ਰਧਾ ਭਾਵਨਾ ਨਾਲ ਮਨਾਇਆ





ਫ਼ਿਰੋਜ਼ਪੁਰ, 04 ਨਵੰਬਰ (ਮਨੋਹਰ ਲਾਲ) :— ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਮੁੱਖ ਰੱਖਦਿਆਂ ਸਰਬੱਤ ਦਾ ਭਲਾ ਸੇਵਾ ਦਲ ਪਿੰਡ ਭਾਗੋ ਕੇ ਵੱਲੋਂ ਵੀ ਪ੍ਰਭਾਤ ਫੇਰੀ ਦੀ ਸਮਾਪਤੀ ਕੀਤੀ ਗਈ, ਜਿਸ ਵਿਚ ਵਿਸ਼ੇਸ਼ ਤੌਰ ਤੇ ਗੁਰਮਤਿ ਪ੍ਰਚਾਰ ਜਥੇ ਦੇ ਮੁੱਖ ਸੇਵਾਦਾਰ ਬਾਬਾ ਬਲਕਾਰ ਸਿੰਘ ਜੀ ਪਹੁੰਚੇ। ਇਸ ਮੌਕੇ ਤੇ ਸਰਬੱਤ ਦਾ ਭਲਾ ਸੇਵਾ ਦਲ ਦੇ ਮੈਂਬਰਾਂ ਕਰਮਨਜੋਤ ਸਿੰਘ, ਐਸ਼ਪ੍ਰੀਤ ਸਿੰਘ, ਰੋਬਨਪ੍ਰੀਤ ਸਿੰਘ, ਗੁਰਸੇਵਕ ਸਿੰਘ, ਅਰਸ਼ਪ੍ਰੀਤ ਸਿੰਘ ਬਾਵਾ ਨੇ ਸੰਗਤਾਂ ਨੂੰ ਪ੍ਰਕਾਸ਼ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸੰਗਤ ਨੂੰ ਕਿਰ ਕਰੋ, ਨਾਮ ਜਪੋ, ਵੰਡ ਛਕੋ ਦੇ ਗੁਰੂ ਸਾਹਿਬ ਦੇ ਉਪਦੇਸ਼ਾਂ ਤੇ ਚੱਲਣ ਦੀ ਅਪੀਲ ਕੀਤੀ। ਅੰਤ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਅਸਥਾਨਾਂ ਤੇ ਸਰਬੱਤ ਦੇ ਭਲੇ ਦੀ ਅਰਦਾਸ ਹੈਡ ਗ੍ਰੰਥੀ ਗੁਰਪ੍ਰੀਤ ਸਿੰਘ ਵੱਲੋਂ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਦੇ 556ਵਾਂ ਗੁਰਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ




ਖੰਨਾ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)– ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਬਖਸਿਸ਼ ਸਦਕਾ ਗੁਰਦੁਆਰਾ ਨਾਨਕਸਰ ਸਾਹਿਬ ਨਿਊ ਮਾਡਲ ਟਾਊਨ ਅਮਲੋਹ ਰੋਡ ਖੰਨਾ ਦੀ ਪ੍ਰਬੰਧਕ ਕਮੇਟੀ ਅਤੇ ਨੌਜੁਆਨ ਸਭਾ ਵਲੋਂ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਗੁਰਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਹਰਿ ਜਸ ਕੀਰਤਨ ਸੇਵਾ ਸੋਸਾਇਟੀ ਬੀਬੀ ਹਰਵਿੰਦਰ ਕੋਰ ਖਾਲਸਾ ਜੀ ਜੱਥੇ ਵਲੋਂ ਰਸਭਿੰਨੇ ਕੀਰਤਨ ਤੇ ਗੁਰਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ, ਇਸ ਉਪਰੰਤ ਪੰਥ ਪ੍ਰਿੱਸਧ ਕੀਰਤਨੀਏ ਭਾਈ ਗੁਰਪ੍ਰੀਤ ਸਿੰਘ ਜੀ ਫਤਿਹਗੜ੍ਹ ਸਾਹਿਬ ਵਾਲਿਆ ਦੇ ਜੱਥੇ ਨੇ ਰਸਭਿੰਨੇ ਕੀਰਤਨ ਤੇ ਗੁਰਬਾਣੀ ਦੁਆਰਾ ਸੰਗਤਾ ਨੂੰ ਨਿਹਾਲ ਕੀਤਾ, ਇਸ ਇਸ ਉਪਰੰਤ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਉਪਰੰਤ ਪ੍ਰਬੰਧਕ ਕਮੇਟੀ ਵਲੋਂ ਰਾਗੀ ਸਿੰਘਾ ਦੇ ਜੱਥਿਆਂ ਦਾ ਗੁਰੂ ਘਰ ਦੀ ਬਖਸਿਸ਼ ਸਿਰਪਾਉ ਦੇ ਕੇ ਸਨਮਾਨ ਕੀਤਾ ਗਿਆ, ਸਨਮਾਨ ਕਰਨ ਵਾਲਿਆਂ ਵਿੱਚ ਹਰਦੇਵ ਸਿੰਘ ਲੈਚੀ ਮੁੱਖ ਸੇਵਾਦਾਰ,ਰਵਿੰਦਰ ਸਿੰਘ ਮਾਨ, ਜਗਦੀਸ਼ ਸਿੰਘ ਸਾਬਕਾ ਕੌਂਸਲਰ, ਗੁਰਦੀਪ ਸਿੰਘ ਦੀਪਾ ਰਮਾਣਾ ਸਾਬਕਾ ਕੌਂਸਲਰ,ਠੇਕੇਦਾਰ ਗੁਰਿੰਦਰ ਸਿੰਘ ਬੱਗਾ, ਗੁਰਮੀਤ ਸਿੰਘ ਖਜਾਨਚੀ,ਨਿਰਮਲ ਸਿੰਘ ਨਿੰਮਾ ਸਮਾਜ ਸੇਵੀ,ਠੇਕੇਦਾਰ ਗੁਰਜੀਤ ਸਿੰਘ ਫੋਜੀ, ਠੇਕੇਦਾਰ ਜਗਦੇਵ ਸਿੰਘ ਗੱਬਰ ,ਦਿਲਬਾਗ ਸਿੰਘ ਬਾਗੀ, ਭਾਗ ਰਾਮ ਜੇਈ, ਹਰਜੀਤ ਸਿੰਘ ਐੱਸ.ਐਚ.ਉ. ਹਰਪ੍ਰੀਤ ਸਿੰਘ ਏ. ਐੱਸ.ਆਈ.ਗੁਰਮੀਤ ਸਿੰਘ ਪੰਮਾ ਟਰਾਂਸਪੋਰਟਰ, ਹਰਜੀਤ ਸਿੰਘ ਕਾਲਾ ਟਰਾਂਸਪੋਰਟਰ, ਸੁਰਮੱਖ ਸਿੰਘ, ਤੇ ਸਮੂਹ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੈਂਬਰ ਐੱਸ.ਸੀ. ਕਮਿਸ਼ਨ ਰੁਪਿੰਦਰ ਸ਼ੀਤਲ ਨੇ ਐਸ.ਸੀ. ਭਾਈਚਾਰੇ ਵਿਰੁੱਧ ਰਾਜਾ ਵੜਿੰਗ ਵੱਲੋਂ ਵਰਤੇ ਸ਼ਬਦਾਂ ਦੀ ਕੀਤੀ ਨਿਖੇਧੀ

## ਕਿਹਾ ਐੱਸ ਸੀ ਭਾਈਚਾਰੇ ਦਾ ਅਪਮਾਨ ਨਾ ਮਨਜ਼ੂਰ



ਧਨੌਲਾ, 5 ਨਵੰਬਰ (ਆਵਾਜ਼ਿ ਕੌਮ ਬਿਊਰੋ)– ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ਼੍ਰੀ ਰੁਪਿੰਦਰ ਸਿੰਘ ਸ਼ੀਤਲ ਨੇ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਵਲੋਂ ਤਰਨ ਤਾਰਨ ਵਿਧਾਨ ਸਭਾ ਜ਼ਿਮਨੀ ਚੋਣਾਂ ਦੇ ਮੱਦੇਨਜ਼ਰ ਚੋਣ ਜਲਸੇ ਦੌਰਾਨ ਮਰਹੂਮ ਗ੍ਰਹਿ ਮੰਤਰੀ ਬੂਟਾ ਸਿੰਘ ਪ੍ਰਤੀ ਵਰਤੀ ਗਈ ਸ਼ਬਦਾਵਲੀ ਦੀ ਸਖ਼ਤ ਸ਼ਬਦਾਂ ’ਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਇਸ ਸਬੰਧੀ ਸੂ ਮੋਟੋ ਨੋਟਿਸ ਲਿਆ ਗਿਆ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਇਸ ਟਿੱਪਣੀ ਦਾ ਸਖ਼ਤ ਨੋਟਿਸ ਲੈਂਦਿਆ 6 ਨਵੰਬਰ 2025 ਨੂੰ ਰਾਜਾ ਵੜਿੰਗ ਨੂੰ ਨਿੱਜੀ ਤੌਰ ’ਤੇ ਪੇਸ਼ ਹੋਣ ਲਈ ਕਿਹਾ ਹੈ। ਸ਼੍ਰੀ ਰੁਪਿੰਦਰ ਸਿੰਘ ਨੇ ਕਿਹਾ ਕਿ ਐੱਸ ਸੀ ਭਾਈਚਾਰੇ ਖਿਲਾਫ਼ ਕੋਈ ਵੀ ਅਪਮਾਨਜਨਕ ਸ਼ਬਦਾਵਲੀ ਨਾ ਮਨਜ਼ੂਰ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਇਸ ਸਬੰਧੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

### ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਦੀ ਖੁਸ਼ੀ ਵਿੱਚ ਪਿੰਡ ਵਾੜਾ ਸ਼ੇਰ ਸਿੰਘ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਤੋਂ

# ਜੈਕਾਰਿਆਂ ਦੀ ਗੂੰਜ ਨਾਲ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ
















**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਸਿਖ ਧਰਮ ਦੇ ਮੋਢੀ ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆਗਮਨ ਪੁਰਬ ਦੀ ਖੁਸ਼ੀ ਵਿੱਚ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਪਿੰਡ ਵਾੜਾ ਸ਼ੇਰ ਸਿੰਘ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਵੱਲੋਂ ਮਨੋਹਰ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਨਗਰ ਕੀਰਤਨ ਵਿੱਚ ਬਹੁਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜਰੀ ਭਰੀ।ਨੌਜਵਾਨ ਸਭਾ ਵੱਲੋਂ ਨਗਰ ਕੀਰਤਨ ਦੇ ਸਭ ਤੋਂ ਅੱਗੇ ਸਾਫ ਸਫਾਈ ਅਤੇ ਕਲੀ ਪਾਉਣ ਦੀ ਸੇਵਾ ਨਿਭਾਈ ਗਈ ।ਨਗਰ ਕੀਰਤਨ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਵਾਪਸੀ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਵਿੱਚ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਤੇ ਫੁੱਲਾਂ ਦੀ ਵਰਖਾ ਕੀਤੀ ਗਈ ।ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਨਗਰ ਕੀਰਤਨ ਤੋਂ ਕੁਝ ਦਿਨ ਪਹਿਲਾਂ ਪ੍ਰਭਾਵ ਫੇਰੀਆਂ ਕੱਢੀਆਂ ਗਈਆਂ ਅਤੇ ਅੱਜ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਦੀ ਖੁਸ਼ੀ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ।ਸੰਗਤਾਂ ਵੱਲੋਂ ਵੱਖ-ਵੱਖ ਪੜਾਵਾਂ ਤੇ ਸੰਗਤਾਂ ਵਾਸਤੇ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ਸੰਗਤਾਂ ਨੇ ਨਗਰ ਕੀਰਤਨ ਵਿੱਚ ਤਨ ਮਨ ਧਨ ਨਾਲ ਸੇਵਾਵਾਂ ਨਿਭਾਈਆਂ। ਉਹਨਾਂ ਦੱਸਿਆ ਕਿ ਗੁਰੂ ਨਾਨਕ ਦੇਵ ਜੀ ਨੇ ਪੂਰੀ ਦੁਨੀਆਂ ਨੂੰ ਸੱਚ ਦਾ ਮਾਰਗ ਦਿਖਾਇਆ ਅਤੇ ਜਾਤ ਪਾਤ ਦੇ ਭੇਦ ਭਾਵ ਤੋਂ ਦੂਰ ਕੀਤਾ ਹੈ ਨਾਲ ਹੀ ਬਾਬਾ ਸੱਜਣ ਸਿੰਘ ਜੀ ਨੇ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ ।ਬ੍ਰਾਇਟਲੈਂਡ ਇੰਗਲਿਸ਼ ਮੀਡੀਅਮ ਸਕੂਲ ਦੇ ਪ੍ਰਿੰਸੀਪਲ ਸਰਦਾਰ ਦਵਿੰਦਰ ਸਿੰਘ ਜੀ ਅਤੇ ਮੈਡਮ ਸੁਖਜਿੰਦਰ ਕੌਰ ਜੀ ਵੱਲੋਂ ਸਕੂਲ ਦੇ ਬੱਚਿਆਂ ਤੇ ਸਮੂਹ ਸਟਾਫ ਨਾਲ ਨਗਰ ਕੀਰਤਨ ਵਿੱਚ ਹਾਜਰੀ ਭਰੀ ਗਈ। ਇਸ ਮੌਕੇ ਬਾਬਾ ਦਇਆ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ,ਸ੍ਰ ਚਾਨਣ ਸਿੰਘ ਸਾਬਕਾ ਸਰਪੰਚ, ਜੱਥੇਦਾਰ ਦੇਵਾਂ ਸਿੰਘ,ਸ੍ਰ ਗੁਰਦੇਵ ਸਿੰਘ, ਪਿਸ਼ੌਰਾ ਸਿੰਘ ,ਗੁਰਸੇਵਕ ਸਿੰਘ ਸੁੱਖਾ ਸਿੰਘ ਸਤਨਾਮ ਸਿੰਘ ਸਪੁੱਤਰ ਬਾਬਾ ਅਰੂੜ ਸਿੰਘ, ਗੁਰਪ੍ਰੀਤ ਸਿੰਘ ਵਿਰਕ, ਰਮਨਬੀਰ ਸਿੰਘ ਨੰਬਰਦਾਰ, ਬਾਬਾ ਜਰਨੈਲ ਸਿੰਘ ,ਹਰਪਾਲ ਸਿੰਘ ਨੰਬਰਦਾਰ, ਜੈਪਾਲ ਸਿੰਘ, ਗੁਰਜੀਤ ਸਿੰਘ, ਦਿਲਬਰ ਸਿੰਘ, ਗੁਰਸ਼ਰਨ ਸਿੰਘ ਵਿਰਕ, ਗੁਰਚੇਤ ਸਿੰਘ , ਅਤੇ ਹੋਰ ਬੇਅੰਤ ਸੰਗਤਾਂ ਅਤੇ ਨੌਜਵਾਨ ਸਿੰਘ ਹਾਜ਼ਰ ਸਨ। ••

